SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 22* Issue 175 | Tuesday, September 19, 2023 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

## ਦੋ ਗੱਡੀਆਂ ਦੀ ਟੱਕਰ ਵਿੱਚ 3 ਜ਼ਖ਼ਮੀ



ਓਨਟਾਰੀਓ, 18 ਸਤੰਬਰ (ਪੋਸਟ ਬਿਊਰੋ) : ਕਵਾਰਥਾ ਲੇਕਜ਼ ਵਿੱਚ ਦੋ ਗੱਡੀਆਂ ਦੀ ਟੱਕਰ ਵਿੱਚ ਤਿੰਨ ਵਿਅਕਤੀ ਬੁਰੀ ਤਰ੍ਹਾਂ ਜ਼ਖ਼ਮੀ ਹੋ ਗਏ। ਇਹ ਜਾਣਕਾਰੀ ਪੁਲਿਸ ਨੇ ਦਿੱਤੀ।

ਇਹ ਹਾਦਸਾ ਹਾਈਵੇਅ 7 ਉੱਤੇ ਸਿਮਕੋਅ ਸਟਰੀਟ ਤੇ ਬੈਰੀ ਰੋਡ ਉੱਤੇ ਐਤਵਾਰ ਰਾਤੀਂ 10:00 ਵਜੇ ਹੋਇਆ। ਪੁਲਿਸ ਨੇ ਦੱਸਿਆ ਕਿ ਤਿੰਨ ਵਿਅਕਤੀਆਂ ਨੂੰ ਗੰਭੀਰ ਜ਼ਖ਼ਮੀ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ। ਉਨ੍ਹਾਂ ਦੀ ਸਥਿਤੀ ਬਾਰੇ ਅਜੇ ਕੋਈ ਜਾਣਕਾਰੀ ਨਹੀਂ ਦਿੱਤੀ ਗਈ ਹੈ।

ਪੁਲਿਸ ਨੇ ਆਖਿਆ ਕਿ ਹਾਦਸੇ ਦੇ ਕਾਰਨਾਂ ਦਾ ਅਜੇ ਪਤਾ ਨਹੀਂ ਲੱਗ ਸਕਿਆ ਹੈ। ਪੁਲਿਸ ਨੇ ਦੱਸਿਆ ਕਿ ਹਾਈਵੇਅ 7 ਦੇ ਇਸ ਹਿੱਸੇ ਨੂੰ ਜਾਂਚ ਲਈ ਬੰਦ ਕਰ ਦਿੱਤਾ ਗਿਆ।

## ਨਿੱਝਰ ਦੇ ਕਤਲ ਦੀ ਜਾਂਚ ਦਰਮਿਆਨ ਕੈਨੇਡਾ ਨੇ ਭਾਰਤੀ ਡਿਪਲੋਮੈਟ ਨੂੰ ਕੱਢਿਆ



ਓਟਵਾ, 18 ਸਤੰਬਰ (ਪੋਸਟ ਬਿਊਰੋ) : ਬੀਸੀ ਵਿੱਚ ਸਿੱਖ ਆਗੂ ਦੇ ਕਤਲ ਦੇ ਮਾਮਲੇ ਵਿੱਚ ਕੈਨੇਡੀਅਨ ਖੁਫੀਆ ਏਜੰਸੀਆਂ ਵੱਲੋਂ ਭਾਰਤ ਸਰਕਾਰ ਦਾ ਹੱਥ ਹੋਣ ਦਾ ਦਾਅਵਾ ਕੀਤੇ ਜਾਣ ਤੋਂ ਬਾਅਦ ਕੈਨੇਡਾ ਵੱਲੋਂ ਭਾਰਤ ਦੇ ਡਿਪਲੋਮੈਟ ਨੂੰ ਕੱਢ ਦਿੱਤਾ ਗਿਆ ਹੈ।

ਵਿਦੇਸ਼ ਮੰਤਰੀ ਮਿਲੇਨੀ ਜੋਲੀ ਵੱਲੋਂ ਭਾਰਤ ਦੇ ਇਸ ਡਿਪਲੋਮੈਟ ਦੀ ਪਛਾਣ ਕੈਨੇਡਾ ਵਿੱਚ ਭਾਰਤੀ ਖੁਫੀਆ ਏਜੰਸੀ ਰਾਅ ਦੇ ਹੈੱਡ ਵਜੋਂ ਕੀਤੀ ਗਈ। ਜੋਲੀ ਵੱਲੋਂ ਸੋਮਵਾਰ ਨੂੰ ਇਸ ਖਬਰ ਦੀ ਪੁਸ਼ਟੀ ਕੀਤੀ ਗਈ। ਇਸ ਤੋਂ ਥੋੜ੍ਹੀ ਦੇਰ ਪਹਿਲਾਂ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਵੱਲੋਂ ਇਹ ਐਲਾਨ ਕੀਤਾ ਗਿਆ ਸੀ ਕਿ ਕੈਨੇਡੀਅਨ ਇੰਟੈਲੀਜੈਂਸ ਏਜੰਸੀਜ਼ ਕੋਲ ਇਸ ਗੱਲ ਦੇ ਪੁਖ਼ਤਾ ਸਬੂਤ ਹਨ ਕਿ ਮਸ਼ਹੂਰ ਸਿੱਖ ਆਗੂ ਹਰਦੀਪ ਸਿੰਘ ਨਿੱਝਰ ਦੇ ਕਤਲ ਪਿੱਛੇ ਭਾਰਤ ਸਰਕਾਰ ਦੇ ਏਜੰਟਾਂ ਦਾ ਹੱਥ ਹੈ।

...ਬਾਕੀ ਪੰਨਾ 2 'ਤੇ

# ਕੈਨੇਡੀਅਨ ਸਿੱਖ ਆਗੂ ਨੂੰ ਮਰਵਾਉਣ ਪਿੱਛੇ ਭਾਰਤ ਸਰਕਾਰ ਦਾ ਹੱਥ : ਟਰੂਡੋ

ਓਟਵਾ, 18 ਸਤੰਬਰ (ਪੋਸਟ ਬਿਊਰੋ) : ਪ੍ਰਧਾਂਨ ਮੰਤਰੀ ਜਸਟਿਨ ਟਰੂਡੋ ਦਾ ਕਹਿਣਾ ਹੈ ਕਿ ਨੈਸ਼ਨਲ ਸਕਿਊਰਿਟੀ ਏਜੰਸੀਜ਼ ਨੂੰ ਇਸ ਗੱਲ ਦੇ ਸਬੂਤ ਮਿਲੇ ਹਨ ਕਿ ਭਾਰਤ ਸਰਕਾਰ ਦੇ ਏਜੰਟਾਂ ਵੱਲੋਂ ਜੂਨ ਵਿੱਚ ਮਸ਼ਹੂਰ ਕੈਨੇਡੀਅਨ ਸਿੱਖ ਆਗੂ ਹਰਦੀਪ ਸਿੰਘ ਨਿੱਝਰ ਦਾ ਕਤਲ ਕਰਵਾਇਆ ਗਿਆ।

ਵਿਰੋਧੀ ਧਿਰਾਂ ਦੇ ਆਗੂਆਂ ਨੂੰ ਇਹ ਜਾਣਕਾਰੀ ਦੇਣ ਤੋਂ ਬਾਅਦ ਹਾਊਸ ਆਫ ਕਾਮਨਜ਼ ਵਿੱਚ ਇਸ ਗੰਭੀਰ ਮੁੱਦੇ ਉੱਤੇ ਗੱਲ ਕਰਦਿਆਂ ਟਰੂਡੋ ਨੇ ਆਖਿਆ ਕਿ ਪਿਛਲੇ ਕੁੱਝ ਹਫਤਿਆਂ ਤੋਂ ਕੈਨੇਡੀਅਨ ਸਕਿਊਰਿਟੀ ਏਜੰਸੀਜ਼ ਵੱਲੋਂ ਇਸ ਮਾਮਲੇ ਵਿੱਚ ਭਾਰਤ ਸਰਕਾਰ ਦੇ ਏਜੰਟਾਂ ਦਾ ਹੱਥ ਹੋਣ ਦੀ ਗੱਲ ਆਖੀ ਜਾ ਰਹੀ ਹੈ। ਪ੍ਰਧਾਨ ਮੰਤਰੀ ਨੇ ਭਾਰਤ ਸਰਕਾਰ ਨੂੰ ਬੇਨਤੀ ਕੀਤੀ ਹੈ ਕਿ ਨਿੱਝਰ ਦੀ ਮੌਤ ਦੇ ਮਾਮਲੇ ਦੀ ਚੱਲ ਰਹੀ ਜਾਂਚ ਵਿੱਚ ਉਹ ਸਹਿਯੋਗ ਕਰੇ। ਇਸ ਦੇ ਨਾਲ ਹੀ ਟਰੂਡੋ ਨੇ ਭਾਰਤ ਸਰਕਾਰ ਨੂੰ ਆਖਿਆ ਕਿ ਦੂਜੇ ਦੇਸ਼ ਵਿੱਚ ਇਸ ਤਰ੍ਹਾਂ ਦੀ ਕਾਰਵਾਈ ਕਰਵਾਉਣਾ ਕੌਮਾਂਤਰੀ ਕਾਨੂੰਨ ਦੇ ਖਿਲਾਫ ਹੈ ਤੇ ਇਸ ਲਈ ਉਨ੍ਹਾਂ ਨੂੰ ਆਪਣੀ ਸਥਿਤੀ ਸਪਸ਼ਟ ਕਰਨੀ ਚਾਹੀਦੀ ਹੈ।

ਇਸ ਦੌਰਾਨ ਵਿਦੇਸ਼ ਮੰਤਰੀ ਮਿਲੇਨੀ ਜੋਲੀ ਨੇ ਐਲਾਨ ਕੀਤਾ ਕਿ ਕੈਨੇਡਾ ਵੱਲੋਂ ਭਾਰਤ ਦੇ ਰਾਜਦੂਤ ਨੂੰ ਵੀ ਕੱਢ ਦਿੱਤਾ ਗਿਆ ਹੈ। ਉਨ੍ਹਾਂ ਉਸ ਰਾਜਦੂਤ ਦਾ ਨਾਂ ਨਹੀਂ ਲਿਆ ਪਰ ਇਹ ਜ਼ਰੂਰ ਆਖਿਆ ਕਿ ਉਹ ਸ਼ਖਸ ਭਾਰਤ ਦੀ ਵਿਦੇਸ਼ੀ ਖੁਫੀਆ ਏਜੰਸੀ ਦੇ ਰਿਸਰਚ ਅਤੇ ਅਨੈਲੇਸਿਜ਼ ਵਿੰਗ ਦਾ ਕੈਨੇਡਾ ਵਿੱਚ ਹੈੱਡ ਸੀ। ਜੋਲੀ ਨੇ ਆਖਿਆ ਕਿ ਕੈਨੇਡਾ ਆਸ ਕਰਦਾ ਹੈ ਕਿ ਭਾਰਤ ਇਸ ਮਾਮਲੇ ਦੀ ਤਹਿ ਤੱਕ ਜਾਣ ਲਈ ਸਾਂਨੂੰ ਪੂਰਾ ਸਹਿਯੋਗ ਦੇਵੇ। ਜ਼ਿਕਰਯੋਗ ਹੈ ਕਿ ਪਿਛਲੇ ਹਫਤੇ ਟਰੂਡੋ ਜੀ-20 ਸਿਖਰ ਵਾਰਤਾ ਵਿੱਚ ਹਿੱਸਾ ਲੈਣ ਲਈ ਭਾਰਤ ਵਿੱਚ ਸਨ ਤੇ ਉੱਥੇ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਉਨ੍ਹਾਂ ਦੇ ਡਿਪਲੋਮੈਟਿਕ ਤਣਾਅ ਦੇ ਸੰਕੇਤ ਵੀ ਮਿਲੇ।

ਟਰੂਡੋ ਨੇ ਹਾਊਸ ਨੂੰ ਇਹ ਵੀ ਦੱਸਿਆ ਕਿ ਉਨ੍ਹਾਂ ਨੇ ਮੋਦੀ ਨਾਲ ਮੁਲਾਕਾਤ ਦੌਰਾਨ ਨਿਜੀ ਤੌਰ ਉੱਤੇ ਤੇ ਸਿੱਧੇ ਤੌਰ ਉੱਤੇ ਇਨ੍ਹਾਂ ਦੋਸ਼ਾਂ ਦਾ ਜ਼ਿਕਰ ਵੀ ਕੀਤਾ । ਪਰ ਮੋਦੀ ਦੇ ਆਫਿਸ ਵੱਲੋਂ ਇਹ ਆਖਿਆ ਗਿਆ ਕਿ ਭਾਰਤ ਇਸ ਗੱਲ ਨੂੰ ਲੈ ਕੇ ਚਿੰਤਤ ਹੈ ਕਿ ਕੈਨੇਡਾ ਵਿੱਚ ਭਾਰਤ ਵਿਰੋਧੀ ਇੰਤਿਹਾਪਸੰਦ ਗਤੀਵਿਧੀਆਂ ਤੇ ਤੱਤਾਂ ਦੀ ਪੁਸ਼ਤ ਪਨਾਹੀ ਕੀਤੀ ਜਾ ਰਹੀ ਹੈ।ਟਰੂਡੋ ਨੇ ਸਾਫ ਆਖਿਆ ਕਿ ਕੈਨੇਡਾ ਦੀ ਧਰਤੀ ਉੱਤੇ ਕਿਸੇ ਵੀ ਕੈਨੇਡੀਅਨ ਨਾਗਰਿਕ ਦੇ ਕਤਲ ਵਿੱਚ ਵਿਦੇਸ਼ੀ ਸਰਕਾਰ ਦੀ ਸ਼ਮੂਲੀਅਤ ਨੂੰ ਸਵੀਕਾਰਿਆ ਨਹੀਂ ਜਾ ਸਕਦਾ ਤੇ ਇਹ ਸਾਡੀ ਖੁਦਮੁਖ਼ਤਿਆਰੀ ਦੀ ਉਲੰਘਣਾ ਹੈ।



ਇਸ ਦੌਰਾਨ ਕੰਜ਼ਰਵੇਟਿਵ ਆਗੂ ਪਿਏਰ ਪੌਲੀਏਵਰ ਨੇ ਭਾਰਤ ਸਰਕਾਰ ਨੂੰ ਕੈਨੇਡੀਅਨ ਜਾਂਚਕਾਰਾਂ ਨਾਲ ਸਹਿਯੋਗ ਕਰਨ ਲਈ ਆਖਿਆ ਤੇ ਨਿੱਝਰ ਦੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ। ਐਨਡੀਪੀ ਆਗੂ ਜਗਮੀਤ ਸਿੰਘ ਨੇ ਆਖਿਆ ਕਿ ਇਹ ਬਹੁਤ ਹੀ ਦਿਲ ਦਹਿਲਾ ਦੇਣ ਵਾਲੀ ਖਬਰ ਹੈ ਤੇ ਇਸ ਦਾ ਕੈਨੇਡੀਅਨਜ਼ ਉੱਤੇ ਮਾਰੂ ਅਸਰ ਪਵੇਗਾ। ਇਸ ਦੌਰਾਨ ਕੈਨੇਡਾ ਵਿੱਚ ਰਹਿੰਦੇ ਸਿੱਖ ਆਗੂਆਂ ਨੇ ਵੀ ਕੈਨੇਡਾ ਸਰਕਾਰ ਦੇ ਇਸ ਕਦਮ ਦੀ ਸ਼ਲਾਘਾ ਕੀਤੀ ਤੇ ਨਿੱਝਰ ਦੇ ਮਾਮਲੇ ਵਿੱਚ ਇਨਸਾਫ ਦਿਵਾਉਣ ਦੀ ਮੰਗ ਕੀਤੀ।

NOW HIRING !!!
ALLKIND INSURANCE
Life Insurance • Super Visa Insurance • Critical illness Ins • Mortgage Insurance • Travel & Visitor Ins • Disability Insurance • RESP & TFSA & RRSP • Funeral Insurance
SIMRAN SAINI 416.994.7272
www.allkindinsurance.com

MagGas Medical Brampton
MGM MAGGAS MEDICAL INC. Helping you breathe deep and rest easy.
CPAP machines, masks and supplies • Free consultations • 30 day mask exchange • Free deliveries
(647) 954-9885
20 Maritime Ont Blvd Unit 15 Brampton, ON L6S 0C2

INSURANCE
Home • Auto • Business • Trucking • Life Insurance • Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

UNBEATABLE DEALS FOR THE WEEK
AT OURR HOME APPLIANCES!
OURR HOME & APPLIANCES
REGULAR PACKAGE $3599
SWITCH TO ELECTRIC STOVE IN $0
JENNAIR CAFÉ KitchenAid Electrolux LG FRIGIDAIRE elica BOSCH Whirlpool GE MAYTAG AMANA SAMSUNG Hisense Danby
Unit #1, 241 Clarence Street, Brampton, ON, L6W 3E7, (416) 551-3343 | 44 Fasken Dr, Unit#2-9, Etobicoke, ON, M9W 5M8, (416) 792-0877 | 5781 Highway 7 Unit 10, Vaughan, ON, L4L 1T8, (416) 477-5556 | 1050 Speers Road, Oakville, ON, L6L 2X4, (416) 613-0555 | Unit #6 – 410 Lewis Road, Stoney Creek, ON, L8E 5Y7, (905) 643-0818 | Unit #4 -1540 Fanshawe Park Road West, London, ON, N6H 5L8, (519) 641-1010
416-551-5553 | www.ourrhomeappliances.com

Allstate. You're in good hands.
Insurance
Trademark used under licence by Allstate Insurance Company. 232374 | 6-23
Shawn Budwal
Allstate Sales Agent
Waterdown Agency
94 Dundas Street East, Unit 3
289-678-4024
sbudwal@allstate.ca

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
Residential, Commercial
www.ksgpestcontrol.ca
ksgpestcontrol@gmail.com
KSG Pest Control Inc.
Amarjeet Singh Gill

SUPER VISA INSURANCE EXPERTS
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
Aman Sharma
25 Cherrycrest Drive, Unit # 6
Brampton, ON, L6P 3W4
Open Saturday
Providing excellent quality legal services to our clients

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat
Axel InsuranceBrokers Ltd. | 1332 Khalsa Dr, Unit # 11, Mississauga, ON L5S 0A2

Royal Pest Control
Residential Commercial Industrial
Specialist in Bedbugs Service
All Pest Control :
Mouse & Rats • Spiders & Fleas • Bedbugs • Wasps • Cockroaches • Carpenter Ants • Silver Fish • Racoons
Call : PARESH PATEL
416 938 4598

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
ਪਾਵਰ ਆਫ ਸੇਲ ਨੋਟਿਸ ?
ਗਾਰਨਿਸ਼ਮੈਂਟ?
ਬੈਂਕ ਵਲੋਂ ਪੈਸੇ ਦੀ ਮੰਗ ?
ਰੈਵਿਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਣਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕਰਜ਼ੇ ਦੀ ਸਿਰਦਰਦੀ ?
Late Evening and Weekends Appointments Available 1888 864 3131
Jasbir Singh Hundal Qualified Credit Counsellor
www.MakeMeDebtFree.ca 416-502-3100 Unit #20 - 7015 Tranmere Drive Mississauga, ON L5S 1T7

HELPING YOU PLAN TODAY...FOR TOMORROW
Supervisa / Visitor Insurance
Life /Mortgage/Funeral Insurance
Disability Insurance
Critical Illness Insurance
RESP /RRSP
JATINDERBIR S BAJWA Insurance Broker
www.ufsinsurance.com
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

KELLEY LAW OFFICE
Immigration • Real Estate • Family Law • Business Closing • Corporate • Wills & Estate • Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜ਼ਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
905-362-0755

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Avon Financial Inc. Brokerage Lic. 12538
Cell: 416-841-4218 Tel: 905-216-5563
Harpreet Singh Goraya Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

CN Forklift Training Center
Counterbalance All Types • Walkie pallet Low Lift • Electric Motor Narrow Aisle Reach • Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan Certified Instructor

PROTECT YOUR HOME FROM PESTS
Pest Control
Low Rates/Excellent Pest Control Services
100% Success rate for bed bug Treatment
Free Home Inspection Call Today
Ranjit Sidhu Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

ਨਵਾਂ ਘਾਹ ਲਵਾਉ
647-784-1213
www.aaalandscaping.ca
1 ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2 ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3 ਨਵਾਂ ਘਾਹ ਲਵਾਉ
4 ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

MANN LAW FIRM
Real Estate Law • Business Law • Wills & Estates • Family Law • Power of Attorney • Civil Litigation • Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

## ਨਿੱਝਰ ਦੇ ਕਤਲ ਦੀ ਜਾਂਚ ਦਰਮਿਆਨ ਕੈਨੇਡਾ ਨੇ ਭਾਰਤੀ ਡਿਪਲੋਮੈਟ ਨੂੰ ਕੱਢਿਆ

ਪੰਨਾ 1 ਦਾ ਬਾਕੀ

ਜੋਲੀ ਨੇ ਆਖਿਆ ਕਿ ਜਦੋਂ ਇਹ ਗੱਲ ਸਾਡੇ ਸਾਹਮਣੇ ਲਿਆਂਦੀ ਗਈ ਉਸ ਤੋਂ ਬਾਅਦ ਅਸੀਂ ਤਿੰਨ ਸਿਧਾਂਤਾਂ ਉੱਤੇ ਕੰਮ ਕਰ ਰਹੇ ਹਾਂ : ਪਹਿਲਾ-ਸਾਨੂੰ ਸੱਚ ਸਾਹਮਣੇ ਲਿਆਉਣਾ ਹੋਵੇਗਾ, ਦੂਜਾ : ਅਸੀਂ ਹਮੇਸ਼ਾਂ ਕੈਨੇਡੀਅਨਜ਼ ਦੀ ਹਿਫਾਜ਼ਤ ਕਰਾਂਗੇ ਤੇ ਤੀਜਾ : ਅਸੀਂ ਕੈਨੇਡਾ ਦੀ ਖ਼ੁਦਮੁਖ਼ਤਿਆਰੀ ਦੀ ਹਿਫਾਜ਼ਤ ਕਰਾਂਗੇ। ਉਨ੍ਹਾਂ ਆਖਿਆ ਕਿ ਇਹ ਸੁਨੇਹਾ ਉਨ੍ਹਾਂ ਆਪਣੇ ਹਮਰੁਤਬਾ ਭਾਰਤੀ ਅਧਿਕਾਰੀ ਨੂੰ ਵੀ ਦਿੱਤਾ ਹੈ ਤੇ ਇਹ ਆਸ ਪ੍ਰਗਟਾਈ ਹੈ ਕਿ ਭਾਰਤ ਇਸ ਮਾਮਲੇ ਦੀ ਤਹਿ ਤੱਕ ਜਾਣ ਵਿੱਚ ਉਨ੍ਹਾਂ ਦੀ ਪੂਰੀ ਮਦਦ ਕਰੇਗਾ। ਉਨ੍ਹਾਂ ਆਖਿਆ ਕਿ ਇਨ੍ਹਾਂ ਸਾਰੀਆਂ ਗੱਲਾਂ ਨੂੰ ਧਿਆਨ ਵਿੱਚ ਰੱਖਦਿਆਂ ਹੋਇਆਂ ਅਸੀਂ ਭਾਰਤ ਦੇ ਡਿਪਲੋਮੈਟ ਨੂੰ ਕੱਢਿਆ ਹੈ।

ਜ਼ਿਕਰਯੋਗ ਹੈ ਕਿ 18 ਜੂਨ ਨੂੰ ਗੁਰੂ ਨਾਨਕ ਸਿੱਖ ਗੁਰਦੁਆਰੇ ਦੇ ਬਾਹਰ ਨਿੱਝਰ ਨੂੰ ਗੋਲੀਆਂ ਮਾਰੀਆਂ ਗਈਆਂ ਸਨ ਤੇ ਉਸ ਦੀ ਮੌਕੇ ਉੱਤੇ ਹੀ ਮੌਤ ਹੋ ਗਈ ਸੀ।

## ਟੀਟੀਸੀ ਸਟੇਸ਼ਨ ਉੱਤੇ ਗੋਲੀ ਲੱਗਣ ਕਾਰਨ 16 ਸਾਲਾ ਲੜਕਾ ਜ਼ਖ਼ਮੀ




ਟੋਰਾਂਟੋ, 18 ਸਤੰਬਰ (ਪੋਸਟ ਬਿਊਰੋ) : ਟੀਟੀਸੀ ਕੈਨੇਡੀ ਸਟੇਸ਼ਨ ਉੱਤੇ ਗੋਲੀ ਮਾਰੇ ਜਾਣ ਕਾਰਨ ਇੱਕ 16 ਸਾਲਾ ਲੜਕਾ ਬੁਰੀ ਤਰ੍ਹਾਂ ਜ਼ਖ਼ਮੀ ਹੋ ਗਿਆ। ਇਸ ਸਮੇਂ ਉਹ ਹਸਪਤਾਲ ਵਿੱਚ ਜੇਰੇ ਇਲਾਜ ਹੈ।

ਟੋਰਾਂਟੋ ਪੁਲਿਸ ਅਧਿਕਾਰੀਆਂ ਨੇ ਦੱਸਿਆ ਕਿ ਸੋਮਵਾਰ ਨੂੰ ਦੁਪਹਿਰੇ 3:00 ਵਜੇ ਦੇ ਨੇੜੇ ਤੇੜੇ ਇਸ ਘਟਨਾ ਦੀ ਜਾਣਕਾਰੀ ਮਿਲਣ ਤੋਂ ਬਾਅਦ ਉਹ ਐਗਲਿੰਟਨ ਐਵਨਿਊ ਈਸਟ ਤੇ ਕੈਨੇਡੀ ਰੋਡ ਏਰੀਆ ਵਿੱਚ ਟੀਟੀਸੀ ਸਬਵੇਅ ਸਟੇਸ਼ਨ ਉੱਤੇ ਪਹੁੰਚੇ। ਅਧਿਕਾਰੀਆਂ ਨੇ ਦੱਸਿਆ ਕਿ ਉਨ੍ਹਾਂ ਨੂੰ ਇਹ ਲੜਕਾ ਨੇੜੇ ਸਥਿਤ ਰਿਹਾਇਸ਼ੀ ਇਮਾਰਤ ਵਿੱਚ ਜ਼ਖ਼ਮੀ ਹਾਲਤ ਵਿੱਚ ਮਿਲਿਆ। ਉਸ ਨੂੰ ਹਸਪਤਾਲ ਲਿਜਾਇਆ ਗਿਆ। ਟੋਰਾਂਟੋ ਪੁਲਿਸ ਦੇ ਇੰਸਪੈਕਟਰ ਲੌਰੀ ਕਰੈਨਨਬਰਗ ਨੇ ਦੱਸਿਆ ਕਿ 16 ਸਾਲਾ ਲੜਕੇ ਨੇ ਦੱਸਿਆ ਕਿ ਗੋਲੀ ਲੱਗੇ ਹੋਣ ਦੀ ਖਬਰ ਦੇਣ ਲਈ ਉਸ ਨੇ ਹੀ 911 ਉੱਤੇ ਕਾਲ ਕੀਤਾ ਸੀ।

ਪੈਰਾਮੈਡਿਕਸ ਨੇ ਦੱਸਿਆ ਕਿ ਗੋਲੀ ਉਸ ਨਾਲ ਖਹਿੰਦੀ ਹੋਈ ਗਈ। ਪੁਲਿਸ ਦਾ ਮੰਨਣਾ ਹੈ ਕਿ ਮਸ਼ਕੂਕ ਪੁਰਸ਼ ਹੈ ਤੇ ਉਹ ਆਪਣੇ 20ਵਿਆਂ ਦੇ ਅਖੀਰ ਵਿੱਚ ਹੋਵੇਗਾ। ਇਹ ਵੀ ਸਪਸ਼ਟ ਨਹੀਂ ਹੈ ਕਿ ਮਸ਼ਕੂਕ ਮੌਕੇ ਤੋਂ ਕਿਸੇ ਗੱਡੀ ਵਿੱਚ ਫਰਾਰ ਹੋਇਆ ਜਾਂ ਪੈਦਲ ਹੀ ਫਰਾਰ ਹੋਇਆ। ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਹੈ।

## ਅਧਿਆਪਕਾਂ ਤੇ ਵਿਦਿਆਰਥੀ ਉੱਤੇ ਹਮਲਾ ਕਰਨ ਵਾਲੀ 12 ਸਾਲਾ ਲੜਕੀ ਨੂੰ ਕੀਤਾ ਗਿਆ ਚਾਰਜ

ਓਸ਼ਵਾ, 18 ਸਤੰਬਰ (ਪੋਸਟ ਬਿਊਰੋ) : ਸੋਮਵਾਰ ਸਵੇਰੇ ਓਸ਼ਵਾ ਦੇ ਸਕੂਲ ਵਿੱਚ ਤਿੰਨ ਟੀਚਰਜ਼ ਤੇ ਇੱਕ ਵਿਦਿਆਰਥੀ ਉੱਤੇ ਹਮਲਾ ਕਰਨ ਵਾਲੀ 12 ਸਾਲਾ ਲੜਕੀ ਨੂੰ ਚਾਰਜ ਕੀਤਾ ਗਿਆ ਹੈ।

ਸਵੇਰੇ 11:30 ਵਜੇ ਦੇ ਨੇੜੇ ਤੇੜੇ ਹਿੱਲਕ੍ਰੌਫਟ ਸਟਰੀਟ ਤੇ ਵਿਲਸਨ ਰੋਡ ਨੌਰਥ ਏਰੀਆ ਵਿੱਚ ਸਥਿਤ ਸਰ ਐਲਬਰਟ ਲਵ ਕੈਥੋਲਿਕ ਸਕੂਲ ਵਿੱਚ ਦਰਹਾਮ ਰੀਜਨਲ ਪੁਲਿਸ ਨੂੰ ਸੱਦਿਆ ਗਿਆ। ਪੁਲਿਸ ਨੂੰ ਰਿਪੋਰਟ ਮਿਲੀ ਕਿ ਇੱਕ ਵਿਦਿਆਰਥਣ ਵੱਲੋਂ ਅਧਿਆਪਕਾਂ ਤੇ ਵਿਦਿਆਰਥੀਆਂ ਉੱਤੇ ਹਮਲਾ ਕੀਤਾ ਜਾ ਰਿਹਾ ਹੈ। ਪੁਲਿਸ ਦੇ ਮੌਕੇ ਉੱਤੇ ਪਹੁੰਚਣ ਉੱਤੇ ਲੜਕੀ ਸਕੂਲ ਛੱਡ ਕੇ




ਭੱਜ ਗਈ। ਪੁਲਿਸ ਨੂੰ 12 ਸਾਲਾ ਲੜਕੀ ਸਕੂਲਯਾਰਡ ਵਿੱਚ ਮਹਿਲਾ ਸਟਾਫ ਉੱਤੇ ਹਮਲਾ ਕਰਦੀ ਮਿਲੀ। ਇੱਕ ਪੁਲਿਸ ਅਧਿਕਾਰੀ ਨੇ ਕੰਡਕਟਿਡ ਐਨਰਜੀ ਵੈਪਨ (ਸੀਈਡਬਲਿਊ) ਦੀ ਵਰਤੋਂ ਕਰਕੇ ਇਸ ਹਮਲੇ ਨੂੰ ਰੋਕਿਆ ਤੇ ਲੜਕੀ ਨੂੰ ਹਿਰਾਸਤ ਵਿੱਚ ਲਿਆ ਗਿਆ। ਪੁਲਿਸ ਨੇ ਆਖਿਆ ਕਿ ਇਹ ਘਟਨਾ ਬਾਡੀ ਕੈਮਰਾ ਵਿੱਚ ਰਿਕਾਰਡ ਵੀ ਹੋਈ ਹੈ। ਲੜਕੀ ਵੱਲੋਂ ਇੱਕ ਸ਼ਖ਼ਸ ਦੇ ਸਿਰ ਉੱਤੇ ਵਾਰ ਕਰਨ ਕਾਰਨ ਉਸ ਨੂੰ ਹਸਪਤਾਲ ਵੀ ਲਿਜਾਇਆ ਗਿਆ। ਅਜੇ ਤੱਕ ਇਹ ਸਪਸ਼ਟ ਨਹੀਂ ਹੋ ਸਕਿਆ ਹੈ ਕਿ ਇਹ ਜ਼ਖ਼ਮ ਕਿੰਨੇ ਕੁ ਗੰਭੀਰ ਹਨ।

12 ਸਾਲਾ ਲੜਕੀ ਨੂੰ ਹਮਲੇ ਦੇ ਚਾਰ ਮਾਮਲਿਆਂ ਤੇ ਸ਼ਰਾਰਤ ਦੇ ਮਾਮਲੇ ਵਿੱਚ ਚਾਰਜ ਕੀਤਾ ਗਿਆ। ਬਾਅਦ ਵਿੱਚ ਅੰਡਰਟੇਕਿੰਗ ਤੋਂ ਬਾਅਦ ਉਸ ਨੂੰ ਰਿਹਾਅ ਕਰ ਦਿੱਤਾ ਗਿਆ। ਪੁਲਿਸ ਦੇ ਬੁਲਾਰੇ ਨੇ ਦੱਸਿਆ ਕਿ ਜਾਂਚਕਾਰ ਦਰਹਾਮ ਕੈਥੋਲਿਕ ਡਿਸਟ੍ਰਿਕਟ ਸਕੂਲ ਬੋਰਡ ਤੇ ਕੁੜੀ ਦੇ ਮਾਪਿਆਂ ਦੇ ਸੰਪਰਕ ਵਿੱਚ ਹਨ।

## ਪਾਕਿਸਤਾਨ ਦੇ ਸਾਬਕਾ ਪ੍ਰਧਾਨ ਮੰਤਰੀ ਨਵਾਜ਼ ਸ਼ਰੀਫ ਦੇ ਡਰਾਈਵਰ ਨੇ ਔਰਤ ਦੇ ਮੂੰਹ 'ਤੇ ਥੁੱਕਿਆ, ਵੀਡੀਓ ਵਾਇਰਲ



ਲੰਡਨ, 18 ਸਤੰਬਰ (ਪੋਸਟ ਬਿਊਰੋ): ਪਾਕਿਸਤਾਨ ਦੇ ਸਾਬਕਾ ਪ੍ਰਧਾਨ ਮੰਤਰੀ ਨਵਾਜ਼ ਸ਼ਰੀਫ ਦੇ ਡਰਾਈਵਰ ਨੇ ਇਕ ਔਰਤ ਨਾਲ ਬੁਰਾ ਵਿਵਹਾਰ ਕੀਤਾ ਹੈ, ਜਿਸ ਦੀ ਵੀਡੀਓ ਵਾਇਰਲ ਹੋ ਗਈ ਹੈ। ਦਰਅਸਲ, ਲੰਡਨ ਵਿਚ ਇਕ ਔਰਤ ਨੇ ਨਵਾਜ਼ ਦੀ ਕਾਰ ਨੂੰ ਰਾਹ ਵਿਚ ਰੋਕਿਆ ਅਤੇ ਉਨ੍ਹਾਂ ਨੂੰ ਇੱਕ ਸਵਾਲ ਪੁੱਛਿਆ, ਜਿਸ ਕਾਰਨ ਨਵਾਜ਼ ਦੇ ਡਰਾਈਵਰ ਨੇ ਔਰਤ ਦੇ ਮੂੰਹ 'ਤੇ ਥੁੱਕ ਦਿੱਤਾ।

ਜਾਣਕਾਰੀ ਮੁਤਾਬਕ ਲੰਡਨ ਵਿਚ ਔਰਤ ਨੇ ਨਵਾਜ਼ ਦੀ ਉਸ ਕਾਰ ਵੱਲ ਰੁਕਣ ਲਈ ਹੱਥ ਹਿਲਾ ਦਿੱਤਾ, ਜਿਸ ਵਿਚ ਉਹ ਡਰਾਈਵਰ ਦੇ ਨਾਲ ਵਾਲੀ ਸੀਟ 'ਤੇ ਸਫਰ ਕਰ ਰਹੇ ਸਨ। ਉਸ ਦਾ ਡਰਾਈਵਰ ਕਾਰ ਚਲਾ ਰਿਹਾ ਸੀ। ਇਸ ਦੌਰਾਨ ਇਕ ਔਰਤ ਨੇ ਆਪਣੇ ਮੋਬਾਈਲ ਫੋਨ 'ਤੇ ਘਟਨਾ ਦੀ ਰਿਕਾਰਡਿੰਗ ਕਰਦੇ ਹੋਏ ਉੱਥੇ ਪਹੁੰਚ ਕੇ ਨਵਾਜ਼ ਸ਼ਰੀਫ ਨੂੰ ਪੁੱਛਿਆ ਕਿ ਕੀ ਉਹ ਭ੍ਰਿਸ਼ਟ ਹਨ? ਇਸ ਤੋਂ ਬਾਅਦ ਡਰਾਈਵਰ ਨੇ ਕਾਰ ਵਿਚੋਂ ਆਪਣਾ ਸਿਰ ਕੱਢਿਆ, ਔਰਤ ਦੇ ਮੂੰਹ 'ਤੇ ਥੁੱਕਿਆ, ਖਿੜਕੀ ਦਾ ਸ਼ੀਸ਼ਾ ਉਪਰ ਕੀਤਾ ਅਤੇ ਅੱਗੇ ਵਧ ਗਿਆ।

ਡਾਕਟਰ ਫਾਤਿਮਾ ਨਾਮ ਦੇ ਯੂਜ਼ਰ ਨੇ ਇਸ ਘਟਨਾ ਦੀ ਵੀਡੀਓ ਸੋਸ਼ਲ ਮੀਡੀਆ ਹੈਂਡਲ ਟਵਿੱਟਰ 'ਤੇ ਪੋਸਟ ਕੀਤੀ ਹੈ। ਵੀਡੀਓ ਵਿਚ ਦੇਖਿਆ ਜਾ ਸਕਦਾ ਹੈ ਕਿ ਇਕ ਔਰਤ ਨਵਾਜ਼ ਦੀ ਕਾਰ ਨੂੰ ਰੋਕਦੀ ਹੈ ਅਤੇ ਉਨ੍ਹਾਂ ਤੋਂ ਪੁੱਛਦੀ ਹੈ ਕਿ ਕੀ ਉਹ ਪਾਕਿਸਤਾਨ ਦਾ ਭ੍ਰਿਸ਼ਟ ਨੇਤਾ ਹਨ? ਇਸ 'ਤੇ ਉਨ੍ਹਾਂ ਦਾ ਡਰਾਈਵਰ ਔਰਤ 'ਤੇ ਥੁੱਕਦਾ ਹੈ ਅਤੇ ਕਾਰ ਭਜਾ ਦਿੰਦਾ ਹੈ।

## ਅੱਜ ਨਾਮਾ

ਪੰਜਾਬ ਲਈ ਟੀਮ ਬਣਾਈ ਜਾਂ ਭਾਜਪਾ ਨੇ,
ਪੁਰਾਣੇ ਲੀਡਰ ਹਨ ਲੱਭ ਰਹੇ ਘੱਟ ਬੇਲੀ।
ਛੱਡ ਕੇ ਆਏ ਸਨ ਕੱਲ੍ਹ ਜੋ ਕਾਂਗਰਸ ਨੂੰ,
ਲੀਡਰ ਬਣੇ ਪਏ ਏਧਰ ਹਨ ਝੱਟ ਬੇਲੀ।
ਕਮਾ ਕੇ ਮਾਲ ਚੋਖਾ ਏਧਰ ਆਏ ਜਿਹੜੇ,
ਉਹ ਤਾਂ ਦੇਂਦੇ ਕਈ ਮੁੱਛਾਂ ਨੂੰ ਵੱਟ ਬੇਲੀ।
ਵੱਟ ਗਏ ਚੁੱਪ ਪੁਰਾਣੇ ਆ ਭਾਜਪਾਈਏ,
ਨੀਵੀਂ ਪਾਈ ਆ ਵਕਤ ਰਹੇ ਕੱਟ ਬੇਲੀ।
ਪੌਣੀ ਕਾਂਗਰਸ, ਚਵਾਨੀ ਆ ਭਾਜਪਾ ਦੀ,
ਲਾਹ ਕੇ ਹੱਥ ਤੇ ਫੁੱਲ ਲਿਆ ਟੰਗ ਬੇਲੀ।
ਕੁੜਤਾ ਹੋਰ, ਪਰ ਹੋਰ ਕਲਬੂਤ ਅੰਦਰ,
ਇਹ ਆ ਨਵੇਂ ਸਿਆਸਤ ਦੇ ਰੰਗ ਬੇਲੀ।

**ਤੀਸ ਮਾਰ ਖਾਂ**

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ? ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜੁਰਬਾ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜੁਰਬਾ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ –
ਤੁਹਾਡੀ ਭਾਸ਼ਾ ਬੋਲਦੇ – Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill
(MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact:
416.910.5676
www.shergilllawfirm.ca

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
GENIE
We Install
Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
iccrc
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ukttc
UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS
uktruck1@gmail.com
Jitpal Singh Deol
647-204-1936

# ਬ੍ਰਹਮ ਗਿਆਨੀ ਭਾਈ ਲਾਲੋ ਜੀ ਦਾ ਜਨਮ ਦਿਹਾੜਾ 24 ਸਤੰਬਰ ਨੂੰ ਰਾਮਗੜ੍ਹੀਆ ਭਵਨ ਵਿਖੇ ਮਨਾਇਆ ਜਾਵੇਗਾ



ਰਾਮਗੜੀਆ ਸਿੱਖ ਫਾਉਂਡੇਸ਼ਨ ਆਫ ਆਨਟਾਰੀਓ ਵੱਲੋਂ ਐਗਜੈਕਟਿਵ ਕਮੇਟੀ ਦੀ ਹੋਈ ਮੀਟਿੰਗ ਵਿੱਚ ਇਹ ਫੈਸਲਾ ਕੀਤਾ ਗਿਆ ਕਿ 22 ਸਤੰਬਰ ਤੋਂ 24 ਸਤੰਬਰ ਤੱਕ ਬ੍ਰਹਮ ਗਿਆਨੀ ਭਾਈ ਲਾਲੋ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ ਅਤੇ ਬੀਤੇ ਐਤਵਾਰ ਨੂੰ ਹੋਏ ਇੱਕ ਪਰਭਾਵਸ਼ਾਲੀ ਸਮਾਗਮ ਵਿੱਚ ਨਾਮਵਰ ਲੇਖਕ ਅਤੇ ਸਾਹਿਤਕ-ਾਰ ਸ. ਲਖਵਿੰਦਰ ਸਿੰਘ ਲੱਖਾ ਸਲੇਮਪੁਰੀ ਨੂੰ ਸਮੂਹ ਮੈਨੇਜਮੈਂਟ ਵੱਲੋਂ ਕੈਨੇਡਾ ਤੋਂ ਵਿਦਾਇਗੀ ਮੌਕੇ ਸਨਮਾਨ ਚਿੰਨ ਅਤੇ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ ।ਇਸ ਦੇ ਨਾਲ ਹੀ ਭਾਰਤ ਤੋਂ ਆਏ ਡਾ. ਦਵਿੰਦਰ ਕੌਰ ਖੁਸ਼ ਧਾਲੀਵਾਲ ਜੋਕਿ ਚੰਡਗੜ ਸਥਿਤ ਪਰਸਿੱਧ ਯੂਨੀਵਰਸੀਟੀ ਵਿੱਚ ਅਸੀਸਟੈਂਟ ਪਰੋਫੈਸਰ ਅਤੇ ਖੋਜ ਸਬੰਧੀ ਕਾਰਜ ਵੀ ਕਰ ਰਹੇ ਹਨ , ਨੂੰ ਵੀ ਕੈਨੇਡਾ ਪਹੁੰਚਣ ਤੇ ਨਿੱਘਾ ਸਵਗਤ ਕੀਤਾ ਤੇ ਉਹਨਾਂ ਨੂੰ ਵੀ ਫਾਉਂਡੇਸ਼ਨ ਵੱਲੋਂ ਸਨਮਾਨ ਪੱਤਰ ਅਤੇ ਸਿਰੋਪਾਓ ਨਾਲ ਸਨਮਾਨਿਤ ਕਰਦੇ ਹੋਏ ਜੀ ਆਇਆਂ ਨੂੰ ਕਿਹਾ ਗਿਆ ।ਦੋ ਹੋਰ ਬੇਟੀਆਂ ਵੀ ਜੋ ਵਿਦਿਆਰਥੀ ਤੌਰ ਤੇ ਆਈਆਂ ਹਨ , ਨੂੰ ਵੀ ਭਵਨ ਵਿਖੇ ਪਹੁੰਚਣ ਤੇ ਸਨਮਾਨ ਚਿੰਨ ਦੇ ਕੇ ਨਿੱਘਾ ਸਵਾਗਤ ਕਰਦੇ ਹੋਏ ਉਹਨਾਂ ਨੂੰ ਆਉਣ ਵਾਲੇ ਸਮੇਂ ਵਿਚ ਆਉਨ ਵਾਲੀ ਮੁਸ਼ਕਿਲ ਵਿੱਚ ਮੱਦਦ ਕਰਨ ਦਾ ਵਿਸ਼ਵਾਸ ਦਿਵਾਇਆ । ਇਸ ਮੌਕੇ ਆਰ ਐਸ ਐਫ ਓ ਵੱਲੋਂ ਦਲਜੀਤ ਸਿੰਘ ਗੈਦੂ ਚੇਅਰਮੈਨ, ਜਸਵੀਰ ਸਿੰਘ ਸੈਂਹਬੀ ਵਾਈਸ ਚੇਅਰਮੈਨ,ਜਰਨੈਲ ਸਿੰਘ ਮਠਾੜੂ , ਬਲਦੇਵ ਸਿੰਘ ਮਣਕੂ , ਹਰਦਿਆਲ ਸਿੰਘ ਝੀਤਾ , ਹਰਪਾਲ ਸਿੰਘ ਮਠਾੜੂ , ਅਮਨਦੀਪ ਸਿੰਘ ਸ਼ਾਮਲ ਹੋਏ। ਸਟੇਜ ਦੀ ਕਾਰਵਾਈ ਜਨਰਲ ਸਕੱਤਰ ਹਰਦਿਆਲ ਸਿੰਘ ਝੀਤਾ ਨੇ ਬਾਖੂਬੀ ਨਿਭਾਈ । ਅੰਤ ਵਿੱਚ ਦਲਜੀਤ ਸਿੰਘ ਗੈਦੂ ਨੇ ਆਏ ਸਾਰੇ ਮਹਿਮਾਨਾਂ ਨੂੰ ਨਿੱਘਾ ਜੀ ਆਇਆਂ ਨੂੰ ਕਿਹਾ ਅਤੇ ਧੰਨਵਾਦ ਕਰਦੇ ਹੋਏ ਆਉਣ ਵਾਲੇ ਸਮਾਗਮ ਭਾਈ ਲਾਲੋ ਜੀ ਦੇ ਜਨਮ ਦਿਹਾੜੇ ਸਬੰਧੀ ਕਰਵਾਏ ਜਾਣ ਵਾਲੇ ਪਰੋ-ਗਰਾਮ ਦਾ ਵੀ ਵਿਸਥਾਰ ਪੂਰਬਕ ਵਰਨਣ ਕੀਤਾ ।ਉਪਰੰਤ ਸਾਰੇ ਮਹਿਮਾਨਾਂ ਨੇ ਗੁਰੂ ਕਾ ਲੰਗਰ ਬਹੁਤ ਸਤਿਕਾਰ ਸਹਿਤ ਛਕਿਆ ।

# ਕੈਲੀਫੋਰਨੀਆਂ ਵਸਦੇ ਸਿੱਖ ਹੁਣ ਹੈਲਮੇਟ ਤੋਂ ਵਗੈਰ ਪੱਗੜੀ ਨਾਲ ਚਲਾ ਸਕਣਗੇ ਮੋਟਰਸਾਈਕਲ

ਸੈਕਰਾਮੈਂਟੋ, 18 ਸਤੰਬਰ (ਹੁਸਨ ਲੜੋਆ ਬੰਗਾ): ਸਿੱਖ ਭਾਈਚਾਰੇ ਲਈ ਰਾਹਤ ਵਾਲੀ ਗੱਲ ਹੈ ਕਿ ਬੀਤੇ ਕੱਲ੍ਹ ਕੈਲੀਫੋਰਨੀਆਂ ਦੀ ਰਾਜਧਾਨੀ ਸੈਕਰਾਮੈਂਟੋ ਵਿਖੇ ਕੈਲੀਫੋਰਨੀਆਂ ਸਟੇਟ ਸੈਨੇਟ ਵਿੱਚ ਬਿੱਲ -847 ਵੱਡੇ ਬਹੁਮਤ ਨਾਲ ਪਾਸ ਹੋ ਗਿਆ ਹੈ। ਹੁਣ ਇਸ ਬਿੱਲ ਤੇ ਕੈਲੀਫੋਰਨੀਆਂ ਸਟੇਟ ਦੇ ਗਵਰਨਰ ਦੇ ਦਸਤਖ਼ਤ ਦੇ ਨਾਲ ਇਹ ਇੱਕ ਕਾਨੂੰਨ ਬਣ ਜਾਵੇਗਾ। ਇਸ ਦੇ ਤਹਿਤ ਜਲਦੀ ਹੀ ਸਿੱਖ ਸਿਰਾਂ ਉੱਪਰ ਪੱਗਾਂ, ਦਸਤਾਰਾਂ ਅਤੇ ਦੁਮਾਲੇ ਸਜਾਕੇ, ਕੈਲੀਫੋਰਨੀਆ ਸਟੇਟ ਵਿੱਚ ਕਾਨੂੰਨੀ ਤੌਰ ਤੇ ਮੋਟਰਸਾਈਕਲ ਚਲਾ ਸਕਦੇ ਹਨ। ਬਿੱਲ -847 ਸਟੇਟ ਸੈਨੇਟਰ ਬਰਾਇਨ ਡਾਹਲੀ ਨੇ ਕਾਨੂੰਨ ਦੇ ਮਾਹਰਾਂ ਅਤੇ ਪਲੈਨਿੰਗ ਕਮਿਸ਼ਨ ਦੇ ਵਾਈਸ ਚੇਅਰਮੈਨ ਮਨਦੀਪ ਸਿੰਘ ਦੀ ਮਦਦ ਨਾਲ ਤਿਆਰ ਕੀਤਾ ਸੀ। ਇਕ ਮੁਕੰਮਲ ਕਾਨੂੰਨ ਬਣਨ ਤੋਂ ਪਹਿਲਾ ਬਿੱਲ -847 ਨੂੰ ਬਹੁਤ ਸਾਰੀਆਂ ਸਟੇਟ ਕਮੇਟੀਆਂ, ਸੈਨੇਟ ਫਲੋਰ, ਅਸੈਂਬਲੀ ਫਲੋਰ ਅਤੇ ਹੋਰ ਬਹੁਤ ਸਾਰੀਆਂ ਪ੍ਰਕਿਰਿਆ ਵਿੱਚੋਂ ਲੰਘਣਾ ਪਇਆ। ਸੈਨੇਟਰ ਬਰਾਇਨ ਡਾਹਲੀ ਅਤੇ ਪਲੈਨਿੰਗ ਕਮਿਸ਼ਨ ਦੇ ਵਾਈਸ ਚੇਅਰਮੈਨ ਮਨਦੀਪ ਸਿੰਘ ਨੇ ਬਹੁਤ ਮਿਹਨਤ ਕਰਕੇ ਬਿੱਲ -847 ਨੂੰ ਹਰ ਇੱਕ ਪੜਾਵ ਵਿੱਚੋਂ ਵੱਡੇ ਬਹੁਮਤ ਨਾਲ ਪਾਸ ਕਰਵਾਇਆ ਹੈ। ਅਮਰੀਕਾ ਵਿੱਚ ਵੱਡੀ ਗਿਣਤੀ ਵਿੱਚ ਸਿੱਖ ਭਾਈਚਾਰਾ ਰਹਿ ਰਿਹਾ ਹੈ ਅਤੇ ਇਤਿਹਾਸ ਵਿਚ ਪਹਿਲੀ ਵਾਰ ਸਿੱਖਾਂ ਨੂੰ ਅਮਰੀਕਾ ਦੀ ਕਿਸੇ ਸਟੇਟ ਵਿੱਚ ਕਾਨੂੰਨੀ ਤੌਰ ਤੇ ਪੱਗ ਬੰਨ ਕੇ ਮੋਟਰਸਾਈਕਲ ਚਲਾਉਣ ਦਾ ਹੱਕ ਮਿਲਣ ਜਾ ਰਹੀ ਹੈ। ਇਸ ਬਿੱਲ ਦੇ ਪਾਸ ਹੋਣ ਨਾਲ ਤੇ ਕਾਨੂੰਨ ਬਣਨ ਨਾਲ ਸਿੱਖਾਂ ਨੂੰ ਭਾਰੀ ਰਾਹਤ ਮਿਲੇਗੀ।









# ਅਮਰੀਕਾ ਦੇ ਜਾਰਜੀਆ ਰਾਜ ਵਿਚ ਦੱਖਣੀ ਕੋਰੀਆ ਦੀ ਔਰਤ ਦੀ ਮੌਤ ਦੇ ਮਾਮਲੇ ਵਿਚ 6 ਜਣੇ ਗ੍ਰਿਫਤਾਰ

*** ਔਰਤ ਉਪਰ ਤਸ਼ੱਦਦ ਕੀਤਾ ਗਿਆ ਤੇ ਭੁੱਖਾ ਰੱਖਿਆ ਗਿਆ**





ਸੈਕਰਾਮੈਂਟੋ,ਕੈਲੀਫੋਰਨੀਆ, 18 ਸਤੰਬਰ (ਹੁਸਨ ਲੜੋਆ ਬੰਗਾ): ਅਮਰੀਕਾ ਦੇ ਜਾਰਜੀਆ ਰਾਜ ਵਿਚ ਪੁਲਿਸ ਵੱਲੋਂ ਦੱਖਣੀ ਕੋਰੀਆ ਦੀ ਇਕ ਔਰਤ ਦੀ ਮੌਤ ਦੇ ਮਾਮਲੇ ਵਿਚ 6 ਵਿਅਕਤੀਆਂ ਨੂੰ ਗ੍ਰਿਫਤਾਰ ਕਰਨ ਦੀ ਖਬਰ ਹੈ। ਗ੍ਰਿਫਤਾਰ ਕੀਤੇ ਵਿਅਕਤੀਆਂ ਦੀ ਪਛਾਣ ਇਕ ਧਾਰਮਿੱਕ ਸਮੂੰਹ ਸ਼ੋਲਜ਼ਰ ਆਫ ਕਰਾਈਸਟ ਦੇ ਮੈਂਬਰਾਂ ਵਜੋਂ ਕੀਤੀ ਗਈ ਹੈ। ਪੀੜਤ ਔਰਤ ਦੀ ਉਮਰ ਤਕਰੀਬਨ 30 ਸਾਲ ਹੈ । ਗਵਿਨੈਟ ਕਾਊਂਟੀ ਪੁਲਿਸ ਵਿਭਾਗ ਨੇ ਇਕ ਜਾਰੀ ਬਿਆਨ ਵਿਚ ਕਿਹਾ ਹੈ ਕਿ ਔਰਤ ਦੀ ਲਾਸ਼ ਐਟਲਾਂਟਾ ਦੇ ਉਤਰ ਵਿਚ ਤਕਰੀਬਨ 25 ਮੀਲ ਦੂਰ ਡੂਲਥ ਸ਼ਹਿਰ ਦੇ ਪ੍ਰਸਿੱਧ ਦੱਖਣੀ ਕੋਰੀਆਈ ਸਪਾ ਜੇਜੂ ਸੌਨਾ ਦੇ ਬਾਹਰ ਖੜੀ ਕਾਰ ਦੇ ਪਿੱਛਲੇ ਹਿੱਸੇ ਵਿਚੋਂ ਬਰਾਮਦ ਕੀਤੀ ਗਈ। ਪੁਲਿਸ ਅਧਿਕਾਰੀਆਂ ਅਨੁਸਾਰ ਔਰਤ ਉਪਰ ਤਸ਼ੱਦਦ ਕੀਤਾ ਗਿਆ ਤੇ ਭੁੱਖਾ ਰਖਿਆ ਗਿਆ। ਪੁਲਿਸ ਦਾ ਕਹਿਣਾ ਹੈ ਕਿ ਮੈਡੀਕਲ ਜਾਂਚ ਦਫਤਰ ਦਾ ਵਿਸ਼ਵਾਸ਼ ਹੈ ਕਿ ਔਰਤ ਦੀ ਮੌਤ ਕੁਪੋਸ਼ਣ ਕਾਰਨ ਹੋਈ ਹੈ ਪਰੰਤੂ ਮੌਤ ਦੇ ਕਾਰਨ ਦੀ ਜਾਂਚ ਕੀਤੀ ਜਾ ਰਹੀ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਔਰਤ ਦੱਖਣੀ ਕੋਰੀਆ ਤੋਂ ਇਸ ਸਾਲ ਗਰਮ ਰੁੱਤ ਦੌਰਾਨ ਇਕ ਧਾਰਮਿੱਕ ਸੰਗਠਨ ਵਿਚ ਸ਼ਾਮਿਲ ਹੋਣ ਦੇ ਮਕਸਦ ਨਾਲ ਆਈ ਸੀ। ਪੁਲਿਸ ਅਨੁਸਾਰ ਸ਼ੱਕੀ 26 ਸਾਲਾ ਐਰਿਕ ਹਿਊਨ ਨੇ ਆਪਣੀ ਕਾਰ ਪਾਰਕਿੰਗ ਵਿਚ ਖੜੀ ਕੀਤੀ ਸੀ ਜਿਥੇ ਉਸ ਦੇ ਇਕ ਪਰਿਵਾਰਕ ਮੈਂਬਰ ਨੂੰ ਕਾਰ ਵਿਚ ਲਾਸ਼ ਹੋਣ ਬਾਰੇ ਪਤਾ ਲੱਗਣ 'ਤੇ ਉਸ ਨੇ ਪੁਲਿਸ ਨੂੰ ਸੂਚਿਤ ਕੀਤਾ। ਲਾਸ਼ ਬਰਾਮਦ ਕਰਨ ਉਪਰੰਤ ਪੁਲਿਸ ਨੇ ਉਸ ਘਰ ਦੀ ਤਲਾਸ਼ੀ ਲਈ ਜਿਥੇ ਔਰਤ ਨੂੰ ਰਖਿਆ ਗਿਆ ਸੀ।

ਪੁਲਿਸ ਅਨੁਸਾਰ ਸ਼ੋਲਜ਼ਰ ਆਫ ਕਰਾਈਸਟ ਨੇ ਔਰਤ ਨੂੰ ਕੁੱਟਿਆ ਮਾਰਿਆ ਤੇ ਉਸ ਦੀ ਮੌਤ ਹੋਣ ਤੱਕ ਉਸ ਨੂੰ ਘਰ ਵਿਚ ਬੰਦ ਰਖਿਆ। ਹਿਊਨ ਤੋਂ ਇਲਾਵਾ ਸ਼ੱਕੀ ਦੋਸ਼ੀਆਂ ਦੀ ਪਛਾਣ ਗਾਵੋਮ ਲੀ (26),ਜੋਨਹੋ ਲੀ (26), ਹਿਊਨਜੀ ਲੀ (25) ਤੇ ਝੂਨਹਾਉਮ ਲੀ (22) ਵਜੋਂ ਹੋਈ ਹੈ ਜਦ ਕਿ ਇਕ ਸ਼ੱਕੀ ਦੀ ਉਮਰ 15 ਸਾਲਾ ਹੈ ਜਿਸ ਦਾ ਨਾਂ ਤੇ ਤਸਵੀਰ ਜਾਰੀ ਨਹੀਂ ਕੀਤੀ ਗਈ। ਪੁਲਿਸ ਅਨੁਸਾਰ ਗ੍ਰਿਫਤਾਰ ਸਾਰੇ ਸ਼ੱਕੀਦੋਸ਼ੀਆਂ ਨੂੰ ਹੱਤਿਆ, ਬੰਦੀ ਬਣਾਉਣ, ਸਬੂਤਾਂ ਨਾਲ ਛੇੜਛਾੜ ਕਰਨ ਸਮੇਤ ਹੋਰ ਦੋਸ਼ਾਂ ਦਾ ਸਾਹਮਣਾ ਕਰਨਾ ਪਵੇਗਾ।

# ਰਾਸ਼ਟਰਪਤੀ ਬਾਈਡਨ ਦੇ ਪੁੱਤਰ ਹੰਟਰ ਬਾਈਡਨ ਵਿਰੁੱਧ ਲੱਗੇ ਸੰਘੀ ਗੰਨ ਦੋਸ਼ ਬਣ ਸਕਦੇ ਹਨ ਪਾਰਟੀ ਸਮਰਥਕਾਂ ਲਈ ਚੁਣੌਤੀ



ਸੈਕਰਾਮੈਂਟੋ, ਕੈਲੀਫੋਰਨੀਆ, 18 ਸਤੰਬਰ (ਹੁਸਨ ਲੜੋਆ ਬੰਗਾ): ਹੰਟਰ ਬਾਈਡਨ ਵਿਰੁੱਧ ਝੂਠ ਬੋਲ ਕੇ ਰਿਵਾਲਵਰ ਲੈਣ ਦੇ ਮਾਮਲੇ ਵਿਚ ਦੋਸ਼ ਉਸ ਸਮੇਂ ਆਇਦ ਹੋਏ ਹਨ ਜਦੋਂ ਉਨਾਂ ਦੇ ਪਿਤਾ ਜੋ ਬਾਈਡਨ 2024 ਵਿਚ ਦੁਬਾਰਾ ਚੋਣ ਲੜਨ ਦੀ ਤਿਆਰੀ ਕਰ ਰਹੇ ਹਨ। ਦੋਸ਼ ਆਇਦ ਹੋਣ ਦਾ ਸਮਾਂ ਡੈਮੋਕਰੈਟਿਕ ਪਾਰਟੀ ਦੇ ਸਮਰਥਕਾਂ ਵਿਚ ਭੰਬਲਭੂਸਾ ਪੈਦਾ ਕਰ ਸਕਦਾ ਹੈ। ਡੈਮੋਕਰੈਟਿਕ ਪਾਰਟੀ ਲਈ ਬੇਹਤਰ ਇਹ ਹੈ ਕਿ ਦੋਸ਼ਾਂ ਦਾ ਨਿਪਟਾਰਾ ਛੇਤੀ ਹੋ ਜਾਵੇ ਪਰੰਤੂ ਜੇਕਰ ਮੱਤਦਾਤਾ ਵੱਲੋਂ ਦੁਬਾਰਾ ਚੋਣ ਲੜਨ ਲਈ ਜੋ ਬਾਈਡਨ ਦੇ ਹੱਕ ਵਿਚ ਫੈਸਲਾ ਦੇਣ ਤੋਂ ਥੋੜਾ ਸਮਾਂ ਪਹਿਲਾਂ ਹੰਟਰ ਬਾਈਡਨ ਨੂੰ ਦੋਸ਼ੀ ਕਰਾਰ ਦੇ ਦਿੱਤਾ ਜਾਂਦਾ ਹੈ ਤਾਂ ਇਹ ਪਾਰਟੀ ਲਈ ਚੰਗਾ ਨਹੀਂ ਹੋਵੇਗਾ। ਇਸ ਦਾ ਪਾਰਟੀ ਦੀਆਂ ਸੰਭਾਵਨਾਵਾਂ ਉਪਰ ਅਸਰ ਪੈ ਸਕਦਾ ਹੈ। ਹਾਲਾਂ ਕਿ ਮਾਮਲੇ ਵਿੱਚ ਸੁਣਵਾਈ ਦੇ ਸਮੇ ਬਾਰੇ ਕੋਈ ਭਵਿੱਖਬਾਣੀ ਕਰਨੀ ਮੁਸ਼ਕਿਲ ਹੈ ਪਰੰਤੂ ਅਜਿਹਾ ਲੱਗਦਾ ਹੈ ਕਿ ਹੰਟਰ ਬਾਈਡਨ ਦੇ ਵਕੀਲ ਮਾਮਲੇ ਦੀ ਤੁਰੰਤ ਸੁਣਵਾਈ ਦੇ ਹੱਕ ਵਿਚ ਨਹੀਂ ਹਨ। ਆਮ ਤੌਰ 'ਤੇ ਦੋਸ਼ ਪੱਤਰ ਆਇਦ ਹੋਣ ਉਪਰੰਤ ਮਾਮਲੇ ਦੀ ਸੁਣਵਾਈ 100 ਦਿਨਾਂ ਵਿਚ ਨਿਸ਼ਚਤ ਹੋ ਜਾਂਦੀ ਹੈ। ਵਕੀਲ ਅਬੇ ਲੋਵੈਲ ਵੱਲੋਂ ਮਾਮਲੇ ਨੂੰ ਨਜਿੱਠਣ ਲਈ ਜੋ ਅਨੇਕਾਂ ਢੰਗ ਤਰੀਕੇ ਅਪਨਾਉਣ ਦੀ ਯੋਜਨਾ ਹੈ ਉਸ ਤੋਂ ਇਸ ਗੱਲ ਦੀ ਪੂਰੀ ਸੰਭਾਵਨਾ ਹੈ ਕਿ ਹੰਟਰ ਬਾਈਡਨ ਮਾਮਲੇ ਦੀ ਤੇਜੀ ਨਾਲ ਸੁਣਵਾਈ ਦੇ ਆਪਣੇ ਹੱਕ ਉਪਰ ਜੋਰ ਨਹੀਂ ਦੇਵੇਗਾ। ਲੋਵੈਲ ਦੇ ਮੰਨਣਾ ਹੈ ਕਿ ਜੁਲਾਈ ਵਿਚ ਹੋਏ ਮੁਕੱਦਮਾ ਸਮਝੌਤੇ ਅਨੁਸਾਰ ਹੰਟਰ ਬਾਈਡਨ ਵਿਰੁੱਧ ਦੋਸ਼ ਆਇਦ ਨਹੀਂ ਹੋ ਸਕਦੇ। ਲੋਵੈਲ ਨੇ ਇਹ ਵੀ ਕਿਹਾ ਹੈ ਕਿ ਡਰੱਗ ਲੈਣ ਵਾਲੇ ਵਿਅਕਤੀਆਂ 'ਤੇ ਰਿਵਾਲਵਰ ਰੱਖਣ ਦੀ ਲੱਗੀ ਪਾਬੰਦੀ ਦੇ ਬਾਵਜੂਦ ਕਥਿੱਤ ਤੌਰ 'ਤੇ ਹੰਟਰ ਬਾਈਡਨ ਉਪਰ ਰਿਵਾਲਵਰ ਰੱਖਣ ਦੇ ਦੋਸ਼ ਲਾਉਣਾ ਗੈਰਸੰਵਿਧਾਨਕ ਹੈ। ਉਨਾਂ ਕਿਹਾ ਕਿ ਕੁਝ ਸਬੂਤ ਅਜਿਹੇ ਹਨ ਜਿਨਾਂ ਤੋਂ ਉਹ ਇਨਕਾਰ ਕਰਦੇ ਹਨ। ਅਜਿਹੇ ਵਿਚ ਜਦੋਂ ਵੀ ਜੇਕਰ ਸੁਣਵਾਈ ਹੁੰਦੀ ਹੈ ਤਾਂ ਹੰਟਰ ਬਾਈਡਨ ਦੋਸ਼ ਮੁਕਤ ਹੋ ਕੇ ਨਿਕਲੇਗਾ।

# ਹੁਣ ਪਸੰਦ ਨਾ ਆਉਣ ਵਾਲੇ ਪਹਿਰਾਵੇ 'ਤੇ ਪਾਬੰਦੀ ਲਗਾਵੇਗੀ ਚੀਨ ਦੀ ਸਰਕਾਰ, ਲਿਆਂਦਾ ਜਾ ਰਿਹਾ ਹੈ ਨਵਾਂ ਕਾਨੂੰਨ



ਬੀਜਿੰਗ, 18 ਸਤੰਬਰ (ਪੋਸਟ ਬਿਊਰੋ): ਹੁਣ ਚੀਨ ਇੱਕ ਅਜਿਹਾ ਕਾਨੂੰਨ ਲਿਆ ਰਿਹਾ ਹੈ, ਜਿਸ ਵਿਚ ਦੇਸ਼ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੇ ਕੱਪੜਿਆਂ ਨੂੰ ਚੀਨ ਵਿਚ ਗੈਰ-ਕਾਨੂੰਨੀ ਕਰਾਰ ਦਿੱਤਾ ਜਾ ਸਕਦਾ ਹੈ। ਇਸ ਤਹਿਤ ਅਜਿਹਾ ਕਰਨ ਵਾਲੇ ਲੋਕਾਂ ਨੂੰ ਜੇਲ੍ਹ ਜਾਂ ਜੁਰਮਾਨੇ ਦੀ ਸਜ਼ਾ ਦੇਣ ਬਾਰੇ ਵਿਚਾਰ ਕੀਤਾ ਜਾ ਰਿਹਾ ਹੈ।

ਜਾਣਕਾਰੀ ਮੁਤਾਬਕ ਦੇਸ਼ ਦੀ ਵਿਧਾਨਸਭਾ ਦੀ ਸਥਾਈ ਕਮੇਟੀ ਨੇ ਹਾਲ ਹੀ ਵਿਚ ਕਾਨੂੰਨ ਵਿਚ ਸੋਧ ਲਈ ਇੱਕ ਖਰੜਾ ਜਾਰੀ ਕੀਤਾ ਹੈ। ਉਦੋਂ ਤੋਂ ਹੀ ਕਿਆਸ ਲਗਾਏ ਜਾ ਰਹੇ ਹਨ। ਪ੍ਰਸਤਾਵਿਤ ਕਾਨੂੰਨ ਵਿਚ ਕਿਹਾ ਗਿਆ ਹੈ ਕਿ ਪਹਿਰਾਵੇ ਜਾਂ ਭਾਸ਼ਣ ਸਮੇਤ ਕਈ ਤਰ੍ਹਾਂ ਦੇ ਵਿਵਹਾਰ 'ਤੇ ਪਾਬੰਦੀ ਲਗਾਈ ਜਾਵੇਗੀ, ਜੋ ਆਮ ਚੀਨੀ ਲੋਕਾਂ ਦੀਆਂ ਭਾਵਨਾਵਾਂ ਦੇ ਮੁਤਾਬਕ ਨਹੀਂ ਹਨ ਅਤੇ ਉਨ੍ਹਾਂ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਉਂਦੇ ਹਨ।

ਹਾਲਾਂਕਿ ਇਸ ਮਾਮਲੇ ਵਿਚ ਸੰਸਦ ਮੈਂਬਰਾਂ ਨੇ ਹਾਲੇ ਤੱਕ ਇਹ ਸਪੱਸ਼ਟ ਨਹੀਂ ਕੀਤਾ ਹੈ ਕਿ ਨਵੇਂ ਨਿਯਮ ਲਾਗੂ ਹੋਣ ਤੋਂ ਬਾਅਦ ਕਿਸ ਤਰ੍ਹਾਂ ਦੇ ਕੱਪੜਿਆਂ 'ਤੇ ਪਾਬੰਦੀ ਹੋਵੇਗੀ। ਨਾਲ ਹੀ, ਭਾਵਨਾਵਾਂ ਨੂੰ ਠੇਸ ਪਹੁੰਚਾਉਣ ਦੇ ਇਰਾਦੇ ਨਾਲ ਅਜਿਹਾ ਕਰਨ ਵਾਲਿਆਂ ਨੂੰ ਕਿੰਨੀ ਸਜ਼ਾ ਦਿੱਤੀ ਜਾਵੇਗੀ? ਜਾਂ ਕਿੰਨਾ ਵਿੱਤੀ ਜੁਰਮਾਨਾ ਲਗਾਇਆ ਜਾਵੇਗਾ? ਇੱਕ ਰਿਪੋਰਟ ਮੁਤਾਬਕ ਇਸ ਕਾਨੂੰਨ ਦੇ ਲਾਗੂ ਹੋਣ ਤੋਂ ਬਾਅਦ ਚੀਨ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੇ ਲੋਕਾਂ ਨੂੰ 15 ਦਿਨਾਂ ਲਈ ਨਿਆਇਕ ਹਿਰਾਸਤ ਵਿਚ ਰੱਖਿਆ ਜਾ ਸਕਦਾ ਹੈ।ਇਸ ਦੇ ਨਾਲ ਹੀ ਭਾਰਤੀ ਕਰੰਸੀ ਵਿਚ 5687 ਰੁਪਏ ਮਤਲਬ 5 ਹਜ਼ਾਰ ਯੂਆਨ ਤੱਕ ਦਾ ਵਿੱਤੀ ਜੁਰਮਾਨਾ ਜਾ ਸਕਦਾ ਹੈ।

Office: 416-654-1010
Sutton
Sutton Group Security Real Estate Brokerage
2700 Dufferin St #47, Toronto ON M6B4J3
"For all your real estate needs"
Anabela Serra
Sales Representative
416-400-5825
anabelserra75@gmail.com

98 JOHN ST E
Bradford West Gwillimbury, Ontario L3Z1G4
$1,149,000
A 5-Plex on a Premium lot of 54 x 148*. Lovely stucco & vinyl multiplex in the heart of Bradford. Annual Gross Income is Approx $60,000. Located on a quiet residential street that is close to schools, shopping, restaurants & entertainment. Easy access to the highway for commuters

97 JOHN ST E
Bradford West Gwillimbury, Ontario L3Z2B5
$1,089,000
A charming, well-maintained detached house that's been converted into 4 units; One 2 bedroom unit and three 1 bedroom units. This property sits on a premium lot 50X148 with a large backyard and a large storage shed shared by tenants. Easily convert back to a single family home. All units are currently rented on a month-to-month tenancy.

103 JOHN ST W
Bradford West Gwillimbury, Ontario L3Z2A8
$799,000
**3 UNITS** Lovely semi detached in the heart of Bradford. One 2 bedroom unit, One 1 bedroom unit and 1 bachelor. Annual Gross Income Is Approx $41,000(Gross). Lots Of Parking, Quiet Residential Street Close To Shopping, Restaurants, Schools And Entertainment. Huge Lot 36Ft X 167 Ft. All tenants on a month-to-month tenancy.

6273 YONGE ST
Innisfil, Ontario L0L1K0
$799,000
Great opportunity to own a 4-plex with a monthly income of $4654.00. This property features 3 two bedroom units and one 1 bedroom unit. New septic system was installed in 2021. The tenants would like to stay if possible. Location is on the bus route and minutes to Barrie or Bradford. EXTRA: All existing appliances, all ELFs, Coin operated washer and dryer.

2217 VICTORIA ST
Innisfil, Ontario L9S1A8
$499,000
Ideal building lot dream home steps to the beach. Or Perfect Starter Home Or Investment Property In Village Of Stroud. Home Is Located Minutes From The Go Bus Stop And A Short Walk From Stores And All Amenities. Features Include Gas Furnace 2014, Steel Roof 2014, Plumbing And Wiring 2014, Electrical Panel 2014. A Short Drive To Lake Simcoe.

CAPITAL SERVICES
INSURANCE VEHICLE REG. IMMIGRATION NOTARY PUBLIC LIVE SCAN
ਸੈਕਰਾਮੈਂਟੋ, ਕੈਲੀਫੋਰਨੀਆ
AUTO · HOME · TRUCK · BUSINESS · LIFE · MEDICAL
ਪਾਸਪੋਰਟ / ਵੀਜ਼ਾ
* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents
The Attorney has 25 years of experience in your favor for all legal services.
Vehicle Registration (Approved by CA DMV)
* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification
Lic.43779
Other Services
* Live Scan / Fingerprints
* Covered California.
* Drug Testing * Alcohol Tes
* Notary Services
* International Driver Lic.
Lic. 600094
Office Ph.(916) 427-4321
6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us

CAPITAL DRUG TESTING
Capital DRUG TESTING
Drug and Alcohol Test
DOT / NON DOT
PRE EMPLOYMENT - RANDOM
POST ACCIDENT - REASONABLE SUSPICION
Services: DOT Random Prog., FMCSA Clearinghouse, DOT Supervisor Training, SAP Classes Etc.
Lab. Ph:(916) 680-9293
6624 Florin Road
Sacramento CA, 95828
Email: capitaldrugtest@gmail.com
Website: www.capitaldrugtest.com

# ਸਕਾਟਲੈਂਡ ਦੀ ਪ੍ਰਸਿੱਧ ਸੰਸਥਾ 'ਸੈਮਸਾ' ਵੱਲੋਂ ਸਲਾਨਾ ਸਨਮਾਨ ਸਮਾਰੋਹ ਕਰਵਾਇਆ ਗਿਆ






ਗਲਾਸਗੋ (ਮਨਦੀਪ ਖੁਰਮੀ ਹਿੰਮਤਪੁਰਾ/ਪੰਜ ਦਰਿਆ ਬਿਊਰੋ) ਸਕਾਟਿਸ਼ ਐਥਨਿਕ ਮਾਈਨਾਰਿਟੀ ਸਪੋਰਟਸ ਐਸੋਸੀਏਸ਼ਨ ਵੱਲੋਂ ਸਲਾਨਾ ਸਨਮਾਨ ਸਮਾਰੋਹ ਗਲਾਸਗੋ ਦੇ ਪ੍ਰਸਿੱਧ ਮਿਸਟਰ ਸਿੰਘਜ ਇੰਡੀਆ ਵਿਖੇ ਕਰਵਾਇਆ ਗਿਆ। ਇਸ ਮੌਕੇ ਪਰੀਤਿਕਾ ਸਮਰਾ, ਮਨਰੂਪ ਕੌਰ, ਡੰਡੀ ਵਿਮਨਜ਼ ਬੈਡਮਿੰਟਨ ਕਲੱਬ, ਰਹੀਲਾ ਮੋਗੁਲ, ਦਲਬੀਰ ਲੱਲੀ, ਐਂਡਰਿਊ ਕਰਿਸ਼ਨ ਲਾਲ, ਰਾਜਮੋਹਨ ਪਦਮਾਭਾਨ, ਸ਼ਿੰਦੋ ਕੌਰ, ਰਸ਼ਮੀ ਮੈਂਤਰੀ, ਮਰੀਅਮ ਫੈਜ਼ਲ, ਅਮਿਤ ਕੁਮਾਰ ਅਤੇ ਟੌਮ ਹੈਰੋਗਿਨ ਨੂੰ ਇਸ ਵਰ੍ਹੇ ਦੇ ਸਨਮਾਨ ਭੇਟ ਕੀਤੇ ਗਏ।

ਇਸ ਸਮੇਂ ਜਿੱਥੇ ਸੈਮਸਾ ਦੀ ਪ੍ਰਬੰਧਕੀ ਟੀਮ ਵੱਲੋਂ ਸਨਮਾਨ ਜੇਤੂਆਂ ਨੂੰ ਵਧਾਈ ਪੇਸ਼ ਕੀਤੀ ਉੱਥੇ ਹਾਜ਼ਰੀਨ ਤੇ ਸਹਿਯੋਗੀ ਸੱਜਣਾਂ ਅਤੇ ਸੰਸਥਾਵਾਂ ਦਾ ਹਾਰਦਿਕ ਧੰਨਵਾਦ ਕੀਤਾ। ਸਮੁੱਚੇ ਸਮਾਗਮ ਦੇ ਮੰਚ ਸੰਚਾਲਕ ਦੇ ਫਰਜ਼ ਕੋਸ਼ ਟਾਂਕ ਨੇ ਅਦਾ ਕੀਤੇ। ਸਮਾਗਮ ਦੌਰਾਨ ਸਕਾਟਲੈਂਡ ਭਰ ਵਿੱਚੋਂ ਵੱਖ ਵੱਖ ਸੰਸਥਾਵਾਂ ਤੇ ਸ਼ਖ਼ਸੀਅਤਾਂ ਵੱਲੋਂ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਕੇ ਸਮਾਗਮ ਨੂੰ ਯਾਦਗਾਰੀ ਬਣਾਇਆ ਗਿਆ। ਇਸ ਸਮੇਂ ਦਿਲਾਵਰ ਸਿੰਘ ਪ੍ਰਧਾਨ, ਸ੍ਰੀਮਤੀ ਮਰਿਦੁਲਾ ਚਕਰਬਰਤੀ ਐੱਮ ਬੀ ਈ, ਕਮਲਜੀਤ ਕੌਰ ਮਿਨਹਾਸ, ਸੁਰਜੀਤ ਸਿੰਘ ਚੌਧਰੀ ਐੱਮ ਬੀ ਈ, ਜਸ ਜੱਸਲ, ਡਾਕਟਰ ਇੰਦਰਜੀਤ ਸਿੰਘ ਐੱਮ ਬੀ ਈ, ਜੋਤੀ ਵਿਰੀਆ, ਅਨੂਪ ਵਾਲੀਆ, ਸਾਧੂ ਢਿੱਲੋਂ, ਸੰਤੋਖ ਸੋਹਲ ਆਦਿ ਸਮੇਤ ਭਾਰੀ ਗਿਣਤੀ ਵਿੱਚ ਭਾਈਚਾਰੇ ਦੇ ਲੋਕ ਹਾਜ਼ਰ ਸਨ।










## ਲੜਕੀ ਦੀ ਲੋੜ

Sikh Ramgarhia Boy, well settled family in Canada is looking for a suitable match for their 32-year-old son. Doing business in Ontario and Winnipeg. Canadian citizen, Height: 5"10', Active in Real Estate and Financing Business. Call: 204-510-7658 or 437-881-7282

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋ-ਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈੱਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ। ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ। ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4'' tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300


ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜ਼ਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500


Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com









# ਸੀਨੀਅਰ ਵੂਮੈਨ ਕਲੱਬ ਬਰੈਂਪਟਨ ਵੱਲੋਂ ਪੀਟਰ ਬਰੋ ਦਾ ਟੂਰ ਲਾਇਆ ਗਿਆ



ਬਰੈਂਪਟਨ-ਬੀਤੇ 2 ਸਤੰਬਰ ਨੂੰ ਸੀਨੀਅਰ ਵੂਮੈਨ ਕਲੱਬ ਬਰੈਂਪਟਨ ਦੀ ਪ੍ਰਧਾਨ ਕੁਲਦੀਪ ਕੌਰ ਗਰੇਵਾਲ ਦੀ ਅਗਵਾਈ ਅਤੇ ਕਲੱਬ ਦੀਆਂ ਡਾਈਰੈਕਟਰਜ਼ ਇੰਦਰਜੀਤ ਕੌਰ ਢਿੱਲੋਂ, ਅਵਤਾਰ ਕੌਰ ਰਾਏ, ਹਰਦੀਪ ਕੌਰ ਹੈਲਨ ਅਤੇ ਪਰਮਜੀਤ ਕੌਰ ਬਾਜਵਾ ਦੇ ਸਹਿਯੋਗ ਨਾਲ ਕਲੱਬ ਦੀਆਂ ਮੈਂਬਰ ਬੀਬੀਆਂ ਨੂੰ ਪੀਟਰ ਬਰੋ ਦਾ ਮਨੋਰੰਜਕ ਟੂਰ ਲਵਾਇਆ ਗਿਆ। ਇਸ ਯਾਦਗਾਰੀ ਟੂਰ ਲਈ ਬੱਸ ਸਵੇਰੇ 9 ਵਜੇ ਰਵਾਨਾ ਹੋਈ ਅਤੇ ਸ਼ਾਮੀਂ 7 ਵਜੇ ਵਾਪਸ ਪਰਤ ਆਈ। ਸਭ ਨੇ ਇਸ ਟੂਰ ਦਾ ਅਤਿਅੰਤ ਅਨੰਦ ਮਾਣਦੇ ਹੋਏ ਗੀਤਾਂ, ਬੋਲੀਆਂ ਅਤੇ ਗਿੱਧੇ ਆਦਿ ਨਾਲ ਬਹੁਤ ਸੋਹਣਾ ਸਮਾਂ ਬਿਤਾਇਆ। ਅੰਤ ਵਿੱਚ ਕਲੱਬ ਪ੍ਰਧਾਨ ਨੇ ਸਭ ਦੇ ਸਹਿਯੋਗ ਦਾ ਧੰਨਵਾਦ ਕਰਦਿਆਂ ਇਹੋ ਜਿਹੇ ਹੋਰ ਟੂਰ ਲਾਉਣ ਦਾ ਅਹਿਦ ਲਿਆ।

## ਅਮਰੀਕਾ ਦੇ ਅਸਮਾਨ ਵਿਚ ਦੋ ਜਹਾਜ਼ ਟਕਰਾਏ, ਦੋਨਾਂ ਪਾਇਲਟਾਂ ਦੀ ਮੌਤ

ਨਿਊਯਾਰਕ, 18 ਸਤੰਬਰ (ਪੋਸਟ ਬਿਊਰੋ): ਇੱਕ ਵਾਰ ਫਿਰ ਅਮਰੀਕਾ ਦੇ ਅਸਮਾਨ ਵਿਚ ਦੋ ਜਹਾਜ਼ਾਂ ਦੇ ਟਕਰਾਏ ਜਾਣ ਦੀ ਘਟਨਾ ਸਾਹਮਣੇ ਆਈ ਹੈ। ਇਸ ਹਾਦਸੇ ਵਿਚ ਦੋ ਪਾਇਲਟਾਂ ਦੀ ਮੌਤ ਹੋ ਗਈ ਹੈ। ਇਹ ਹਾਦਸਾ ਉਸ ਸਮੇਂ ਵਾਪਰਿਆ ਜਦੋਂ ਅਮਰੀਕਾ ਦੇ ਨੇਵਾਡਾ ਸੂਬੇ ਦੇ ਰੇਨੋ ਵਿਚ ਇੱਕ ਏਅਰ ਸ਼ੋਅ ਚੱਲ ਰਿਹਾ ਸੀ। ਅਸਮਾਨ ਵਿਚ ਜਹਾਜ਼ਾਂ ਦੀ ਟੱਕਰ ਇੰਨੀ ਜ਼ਬਰਦਸਤ ਸੀ ਕਿ ਦੋਨਾਂ ਪਾਇਲਟਾਂ ਦੀ ਮੌਤ ਦੇ ਨਾਲ-ਨਾਲ ਜਹਾਜ਼ਾਂ ਦਾ ਮਲਬਾ ਕਈ ਕਿਲੋਮੀਟਰ ਦੇ ਘੇਰੇ ਵਿਚ ਫੈਲ ਗਿਆ। ਘਟਨਾ ਤੋਂ ਬਾਅਦ ਪੂਰਾ ਏਅਰ ਸ਼ੋਅ ਤੁਰੰਤ ਰੱਦ ਕਰਨਾ ਪਿਆ।



ਅਮਰੀਕਾ ਦੇ ਨੇਵਾਡਾ ਸੂਬੇ ਦੇ ਰੇਨੋ ਵਿਚ ਆਯੋਜਿਤ ਨੈਸ਼ਨਲ ਚੈਂਪੀਅਨਸ਼ਿਪ ਏਅਰ ਰੇਸ ਐਂਡ ਏਅਰ ਸ਼ੋਅ ਦੌਰਾਨ ਅਸਮਾਨ ਵਿਚ ਦੋ ਜਹਾਜ਼ ਆਪਸ ਵਿਚ ਟਕਰਾ ਗਏ। ਜਹਾਜ਼ਾਂ ਦੀ ਟੱਕਰ ਇੰਨੀ ਜ਼ਬਰਦ-ਸਤ ਸੀ ਕਿ ਜਹਾਜ਼ਾਂ ਦੇ ਹਿੱਸੇ ਕਰੀਬ ਡੇਢ ਮੀਲ ਤੱਕ ਆਲੇ-ਦੁਆਲੇ ਦੇ ਖੇਤਰ ਵਿਚ ਖਿੱਲਰ ਗਏ। ਇਸ ਜਹਾਜ਼ ਹਾਦਸੇ ਵਿਚ ਦੋਨਾਂ ਪਾਇਲਟਾਂ ਦੀ ਜਾਨ ਚਲੀ ਗਈ। ਰੇਨੋ ਏਅਰ ਰੇਸਿੰਗ ਐਸੋਸੀਏਸ਼ਨ ਨੇ ਇਕ ਬਿਆਨ ਜਾਰੀ ਕਰ ਕੇ ਕਿਹਾ ਕਿ ਐਤਵਾਰ ਦੁਪਹਿਰ ਕਰੀਬ 2.15 ਵਜੇ ਟੀ-6 ਗੋਲਡ ਰੇਸ ਦੇ ਅੰਤ 'ਚ ਲੈਂਡਿੰਗ ਦੌਰਾਨ ਦੋ ਜਹਾਜ਼ ਇਕ-ਦੂਜੇ ਨਾਲ ਟਕਰਾ ਗਏ। ਹਾਦਸੇ ਵਿਚ ਦੋਨਾਂ ਪਾਇਲਟਾਂ ਦੀ ਮੌਤ ਦੀ ਪੁਸ਼ਟੀ ਹੋ ਗਈ ਹੈ।

ਅਸਮਾਨ ਵਿਚ ਏਅਰ ਸ਼ੋਅ ਦੌਰਾਨ ਸਟੰਟ ਕਰਦੇ ਹੋਏ ਦੋਵੇਂ ਜਹਾਜ਼ ਇਕ-ਦੂਜੇ ਨਾਲ ਟਕਰਾ ਗਏ। ਦੋਵੇਂ ਪਾਇਲਟ ਬਹੁਤ ਹੀ ਹੁਨਰਮੰਦ ਪਾਇਲਟ ਸਨ ਅਤੇ ਟੀ-6 ਕਲਾਸ ਵਿਚ ਗੋਲਡ ਜੇਤੂ ਸਨ। ਦੋਵਾਂ ਪਾਇਲਟਾਂ ਦੇ ਪਰਿਵਾਰ ਵਾਲਿਆਂ ਨੂੰ ਸੂਚਿਤ ਕਰ ਦਿੱਤਾ ਗਿਆ ਹੈ। ਹਾਦਸੇ ਤੋਂ ਬਾਅਦ ਏਅਰ ਸ਼ੋਅ ਨੂੰ ਜਲਦਬਾਜ਼ੀ ਵਿਚ ਰੱਦ ਕਰ ਦਿੱਤਾ ਗਿਆ। ਅਮਰੀਕਾ ਦੇ ਸੰਘੀ ਹਵਾਬਾਜ਼ੀ ਪ੍ਰਸ਼ਾਸਨ ਦੇ ਨੈਸ਼ਨਲ ਟ੍ਰਾਂਸਪੋਰਟੇਸ਼ਨ ਸੇਫਟੀ ਬੋਰਡ ਨੇ ਇਸ ਜਹਾਜ਼ ਹਾਦਸੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਜਹਾਜ਼ਾਂ ਦੇ ਮਲਬੇ ਦੀ ਜਾਂਚ ਕੀਤੀ ਜਾ ਰਹੀ ਹੈ। ਹਾਦਸੇ ਦੇ ਕਾਰਨਾਂ ਦਾ ਪਤਾ ਲਗਾਉਣ ਲਈ ਜਾਂਚ ਕੀਤੀ ਜਾ ਰਹੀ ਹੈ।

## ਦੂਸ਼ਿਤ ਮੱਛੀ ਖਾਣ ਨਾਲ ਹੋਈ ਇਨਫੈਕਸ਼ਨ ਨਾਲ ਔਰਤ ਨੂੰ ਗੁਵਾਉਣੇ ਪਏ ਸਰੀਰ ਦੇ ਕਈ ਅੰਗ

ਕੈਲੀਫੋਰਨੀਆ, 18 ਸਤੰਬਰ (ਪੋਸਟ ਬਿਊਰੋ): ਅਮਰੀਕਾ ਦੇ ਕੈਲੀਫੋਰਨੀਆ ਸੂਬੇ ਵਿਚ ਇੱਕ ਘਟਨਾ ਵਾਪਰੀ ਹੈ। ਇੱਥੇ ਇੱਕ ਔਰਤ ਨੂੰ ਮੱਛੀ ਖਾਣਾ ਬਹੁਤ ਮਹਿੰਗਾ ਪੈ ਗਿਆ। ਹਾਲਾਤ ਇਹ ਬਣ ਗਏ ਕਿ ਪਹਿਲਾਂ ਤਾਂ ਔਰਤ ਨੂੰ ਕਾਫੀ ਦੇਰ ਤੱਕ ਹਸਪਤਾਲ ਵਿਚ ਭਰਤੀ ਰਹਿਣਾ ਪਿਆ। ਪਰ ਇਹ ਵੀ ਕੰਮ ਨਹੀਂ ਕਰ ਸਕਿਆ, ਇਸ ਲਈ ਆਖਰਕਾਰ ਉਸਦੇ ਚਾਰ ਅੰਗ ਕੱਟਣੇ ਪਏ।

ਇੱਥੇ 40 ਸਾਲਾ ਲੌਰਾ ਬਰਾਜਾਸ ਨਾਂ ਦੀ ਔਰਤ ਨੇ ਦੂਸ਼ਿਤ ਤਿਲਪੀਆ ਮੱਛੀ ਖਾ ਲਈ। ਪਰ ਇਸ ਤੋਂ ਬਾਅਦ ਦੋਵੇਂ ਹੱਥ-ਪੈਰ ਕੱਟਣੇ ਪਏ। ਮੰਨਿਆ ਜਾਂਦਾ ਹੈ ਕਿ ਬੈਕਟੀਰੀਆ ਵਿਬ੍ਰਿਓ ਵੁਲਨੀਫਿਕਸ ਨੇ ਉਸ ਮੱਛੀ ਨੂੰ ਦੂਸ਼ਿਤ ਕਰ ਦਿੱਤਾ ਸੀ। ਇਹੀ ਕਾਰਨ ਸੀ ਕਿ ਜਦੋਂ 6 ਸਾਲ ਦੇ ਬੱਚੇ ਦੀ ਮਾਂ ਨੇ ਉਸ ਮੱਛੀ ਨੂੰ ਖਾ ਲਿਆ ਤਾਂ ਉਸ ਦੀ ਇਹ ਹਾਲਤ ਹੋ ਗਈ। ਪੀੜਤ ਔਰਤ ਦੇ ਕਰੀਬੀ ਰਿਸ਼ਤੇਦਾਰਾਂ ਨੇ ਦੱਸਿਆ ਕਿ ਉਸ ਦੀ ਹਾਲਤ ਦਾ ਕਾਰਨ ਮੱਛੀ ਦਾ ਬੈਕਟੀਰੀਆ ਹੈ, ਜੋ ਕਥਿਤ ਤੌਰ 'ਤੇ ਅੱਧੀ ਪੱਕੀ ਤਿਲਪੀਆ ਮੱਛੀ ਖਾਣ ਨਾਲ ਹੋਇਆ ਸੀ। ਇਹ ਮੱਛੀ ਬੈਕਟੀਰੀਆ ਕਾਰਨ ਦੂਸ਼ਿਤ ਸੀ।

ਪੀੜਤ ਦੀ ਦੋਸਤ ਅੰਨਾ ਮੇਸੀਨਾ ਨੇ ਨੂੰ ਦੱਸਿਆ ਕਿ ਉਹ ਲਗਭਗ ਆਪਣੀ ਜਾਨ ਗੁਆ ਚੁੱਕੀ ਹੈ। ਉਹ ਹਸਪਤਾਲ ਵਿਚ ਲਗਭਗ ਕੋਮਾ ਵਿਚ ਸੀ। ਉਸਨੇ ਦੱਸਿਆ ਕਿ ਉਸਦੇ ਦੋਸਤ ਨੂੰ ਕਿਡਨੀ ਫੇਲ੍ਹ ਹੋਣ ਵਰਗੀਆਂ ਹੋਰ ਹਾਲਤਾਂ ਦਾ ਵੀ ਸਾਹਮਣਾ ਕਰਨਾ ਪਿਆ। ਇੱਥੋਂ ਤੱਕ ਕਿ ਉਸ ਦੀਆਂ ਉਂਗਲਾਂ, ਪੈਰਾਂ ਦੀਆਂ ਉਂਗਲਾਂ ਅਤੇ ਬੁੱਲ੍ਹ ਕਾਲੇ ਹੋ ਗਏ ਸਨ। ਉਸ ਨੇ ਕਿਹਾ ਕਿ ਇਸ ਦੀ ਸ਼ੁਰੂਆਤ ਬਰਾਜਸ ਤੋਂ ਹੋਈ ਜਦੋਂ ਉਹ ਸਥਾਨਕ ਬਾਜ਼ਾਰ ਤੋਂ ਮੱਛੀ ਖਰੀਦ ਕੇ ਘਰ ਵਿਚ ਪਕਾਉਂਦਾ ਸੀ। ਨਤਾਸ਼ਾ ਸਪੌਟਿਸਵੁੱਡ, ਯੂ.ਸੀ.ਐੱਸ.ਐੱਫ. ਦੀ ਇੱਕ ਛੂਤ ਦੀਆਂ ਬਿਮਾਰੀਆਂ ਦੀ ਮਾਹਿਰ, ਨੇ ਉਨ੍ਹਾਂ ਤਰੀਕਿਆਂ ਬਾਰੇ ਗੱਲ ਕੀਤੀ ਜਿਨ੍ਹਾਂ ਵਿਚ ਤੁਸੀਂ ਇਸ ਬੈਕਟੀਰੀਆ ਨਾਲ ਸੰਕਰਮਿਤ ਹੋ ਸਕਦੇ ਹੋ, ਉਨ੍ਹਾਂ ਤਰੀਕਿਆਂ ਬਾਰੇ ਦੱਸਿਆ ਜਿਸ ਵਿਚ ਬੈਕਟੀਰੀਆ ਇੱਕ ਵਿਅਕਤੀ ਨੂੰ ਸੰਕਰਮਿਤ ਕਰ ਸਕਦਾ ਹੈ।


URGENTLY NEED NEW LISTINGS IN BRAMPTON/CALEDON



visit: www.teamjagaujla.com
ADVERTISEMENT GUARANTEED TILL SOLD
JAG AUJLA
MCNE, REAL ESTATE BROKER
416-371-7777
e-mail: j.aujla@rogers.com or visit: www.jagaujla.com
MCNE
(2021, 2018, 2015, 2014, 2013, 2012, 2011, 2010) (2020-2018) (2018-2009) (REMAX International) (2014) (2010)
CALL JAG AUJLA FOR A QUICK & FREE HOME EVALUATION
www.BramptonTopRealtor.com
RECENTLY LISTED/SOLD IN YOUR NEIGHBOURHOOD

**SHELBURNE** (Simon St /Hwy 89)
ਬਿਲਕੁਲ ਸ਼ਾਨਦਾਰ ਤੇ ਸਾਫ ਸੁਧਰਾ ਸੈਮੀ ਡਿਟੈਚ ਬੰਗਲੌ, ਸ਼ਾਤ ਕੰਮੂਨਿਟੀ ਵਿੱਚ, ਬਹੁਤ ਸਾਰੀਆਂ ਅਪਗ੍ਰੇਡਜ਼ ਤੇ 2023 ਵਿੱਚ ਹੋਈ ਰੈਨੋਵਸ਼ਨ। 3+2 ਬੈਡਰੂਮ ਤੇ 3 ਵਾਸ਼ਰੂਮ ਘਰ ਨੂੰ ਫਿਨੀਸ਼ਡ ਬੈਸਮੈਂਟ, ਪੋਟ ਲਾਇਟਸ ਆਦਿ।

**CAMBRIDGE** (Speedsville/Equestrian Way)
ਐਂਡ ਯੂਨਿਟ ਕਾਨ੍ਹਰ ਲਾਟ ਨੂੰ ਖੁਲ੍ਹਾ ਡੁਲ੍ਹਾ ਕਰਬ ਤੇ ਖੂਬਸੂਰਤ ਵਿਊ। 2020 ਵਿੱਚ ਬਣਿਆ, 1896 ਸਕੇਅਰ ਫੁਟ ਦਾ ਫ੍ਰੀ ਹੋਲਡ ਟਾਊਨਹੋਮ ਜਿਸ ਨੂੰ 4 ਬੈਡਰੂਮ ਤੇ 3 ਵਾਸ਼ਰੂਮ। ਲੈਮੀ-ਨੇਟਡ ਫਲੋਰ। ਹਾਈਵੇ 401, ਪਾਰਕ ਤੇ ਸਕੂਲ ਦੇ ਨੇੜੇ।

**BRAMPTON** (Mclaughlin / Steeles / Mavis)
ਸੋਹਣੇ ਤੇ ਸ਼ਾਨਦਾਰ ਡਿਟੈਚ ਘਰ ਨੂੰ ਬਹੁਤ ਸਾਰੀਆਂ ਅਪਗ੍ਰੇਡਜ਼। 2200 ਸਕੇਅਰ ਫੁਟ ਵਿੱਚ 4+1 ਬੈਡਰੂਮ ਤੇ 4 ਵਾਸ਼ਰੂਮ ਨੂੰ ਫਿਨੀਸ਼ਡ ਬੈਸਮੈਂਟ। ਸ਼ੈਰੀਡਨ ਕਾਲਜ ਦੇ ਨੇੜੇ ਤੇ ਹੋਰ ਵੀ ਬਹੁਤ ਕੁਝ। ਸੰਪਰਕ ਕਰੋ।

**BRAMPTON** (Wanless/Mclaughlin)
ਸ਼ਾਨਦਾਰ ਤੇ ਸਾਫ ਸੁਧਰਾ, 2016 ਵਿੱਚ ਬਣਿਆ 4364 ਸਕੇਅਰ ਫੁਟ ਦਾ ਡਿਟੈਚ ਘਰ 4 ਬੈਡਰੂਮ ਤੇ 5 ਵਾਸ਼ਰੂਮ ਤੇ ਨਾਲ ਹੀ ਫਿਨੀਸ਼ਡ ਬੈਸਮੈਂਟ ਜਿਸ ਨੂੰ ਸੇਪਰੈਟ ਏਂਨਟਰੈਂਸ। ਬਹੁਤ ਸਾਰੀਆਂ ਅਪਗ੍ਰੇਡਜ਼ ਤੇ ਹੋਰ ਵੀ ਬਹੁਤ ਕੁਝ।

FREE
- Full MLS services
- Consistent marketing until your property is sold
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold
- Competitive rates, exceptional service & award winning results

RE/MAX REALTY SPECIALISTS INC.
Ph:905-456-3232 **Based on units sold & commissions **Some conditions apply
*Seller & Jag Aujla Broker of RE/MAX Realty Specialist Inc. must agree on the terms & conditions, closing date and listing price at the time of listing. Guaranteed program only for peel region homes under $1 million price.
Call: JAG AUJLA Dir: 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT



Dr. Randhawa Dentistry
Your own dentist who really cares for you

We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment


Dr. Samreet Kaur Randhawa
General Family Dentist
New Patients welcome
Deal Directly with all Insurance Companies

- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ

NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111

INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜਰ ਨਹੀਂ ਆਉਂਦੀਆਂ
Show Your Smile More With Invisible Braces!

FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044






Grand Upholstery Ltd
Sofa Company Originality in Every Piece
Special on Sale
- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ



ਕੁਆਲਿਟੀ ਮੂਹੋਂ ਬੋਲਦੀ ਹੈ
Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com



REXDALE BODY SHOP
USED CAR SALE



CHEEMA
Specialization In:
- All Kinds of Body Work
- Auto Glass Windshield
- Denting, Painting & Welding

SPECIAL PAINT JOB $779
RENTAL CAR PROVIDED



ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ
25 years of Canadian Experience
OPEN MON - SAT 9AM TO 7PM
LOWEST PRICE IN TOWN
Call Rick or Manminder Cheema: 416.749.9596 /416.951.6431
Towing Service Car Paint Starts $799*upto 100% Deductible Paid*
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com

LOCAL & LONG DISTANCE MOVING

H.K. MOVERS

VANCOUVER - CALGARY - EDMONTON - WINNIPEG - TORONTO - OTTAWA - MONTREAL




WE MOVE COAST TO COAST WITHIN CANADA ,
WE DO INTERNATIONAL SHIPPING AND WE ALSO SHIP CARS

Best Business of 2023 ThreeBest Rated Excellence

Call: 416.524.6704
www.hkmovers.ca

2023 ThreeBest Rated Certificate OF EXCELLENCE THREE BEST RATED

SAFE, RELIABLE AND EFFICIENT SERVICE AT THE BEST RATES




FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017